ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

You Tube https://youtu.be/LQwolgxDu7I

awazeqaumtvpunjab@gmail.com

ਮੰਗਲਵਾਰ, 16 ਜੂਨ 2026 (ਨਾਨਕਸ਼ਾਹੀ ਸੰਮਤ : ੫੫੮, ੨ ਹਾੜ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243

## ਪੰਜ ਸਿੰਘ ਸਾਹਿਬਾਨ ਵੱਲੋਂ ਮੁੱਖ ਮੰਤਰੀ ਮਾਨ ਪੰਥ ਦੋਖੀ ਕਰਾਰ

# ਸਾਰੇ ਸਿੱਖ ਵਿਧਾਇਕ ਸ੍ਰੀ ਅਕਾਲ ਤਖ਼ਤ ਵਿਖੇ ਤਲਬ

**ਨਵੀਂ ਦਿੱਲੀ/ਅੰਮ੍ਰਿਤਸਰ, 15 ਜੂਨ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਅਕਾਲ ਤਖ਼ਤ ਸਾਹਿਬ ਨੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਗੁਰੂ ਦੋਖੀ ਅਤੇ ਖਾਲਸਾ ਪੰਥ ਵਿਰੋਧੀ ਐਲਾਨ ਦਿੱਤਾ ਹੈ। ਪੰਜ ਸਿੰਘ ਸਾਹਿਬਾਨਾਂ ਦੀ ਇਕੱਤਰਤਾ ਵਿਚ ਜਥੇਦਾਰ ਕੁਲਦੀਪ ਸਿੰਘ ਗੜਗੱਜ ਨੇ ਫਸੀਲ ਤੋਂ ਇਹ ਐਲਾਨ ਕੀਤਾ ਕਿ ਗੁਰੂ ਖਾਲਸਾ ਪੰਥ, ਸਮੂਹ ਨਾਨਕ ਨਾਮ ਲੇਵਾ ਸੰਗਤ ਇਨ੍ਹਾਂ ਨੂੰ ਮੂੰਹ ਨਾ ਲਗਾਉਣ।



ਜਥੇਦਾਰ ਨੇ ਕਿਹਾ ਕਿ ਜਦੋਂ ਮੁੱਖ ਮੰਤਰੀ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਤਲਬ ਕੀਤਾ ਗਿਆ ਸੀ ਤਾਂ ਉਨ੍ਹਾਂ ਨੇ ਖੁਦ ਮੁੱਖ ਮੰਤਰੀ ਨੂੰ ਪੁੱਛਿਆ ਸੀ ਕਿ ਇਹ ਵੀਡੀਓ ਉਨ੍ਹਾਂ ਦੀ ਹੈ ਤਾਂ ਉਸ ਨੇ ਕਿਹਾ ਕਿ ਇਹ ਨਕਲੀ ਹੈ ਅਤੇ ਏ. ਆਈ. ਨਾਲ ਤਿਆਰ ਕੀਤੀ ਗਈ ਹੈ। ਫਿਰ ਅਸੀਂ ਕਿਹਾ ਕਿ ਤੁਸੀਂ ਦੋ ਲੈਬਾਂ ਸਾਨੂੰ ਦੱਸੋ ਜਿਸ ਤੋਂ ਜਾਂਚ ਕਰਵਾਈ ਜਾ ਸਕੇ ਤਾਂ ਉਨ੍ਹਾਂ ਕਿਹਾ ਕਿ ਦੱਸ ਦੇਵਾਂਗੇ ਜਾਂ ਤੁਸੀਂ ਆਪ ਕਰਵਾ ਲਵੋ। ਇਸ ਉਪਰੰਤ ਪੱਤਰਕਾਰਾਂ ਸਾਹਮਣੇ ਵੀ ਮਾਨ ਨੇ ਕਿਹਾ ਕਿ ਵੀਡੀਓ ਨਕਲੀ ਹੈ, ਸਿੰਘ ਸਾਹਿਬ ਜਿੱਥੋਂ ਮਾਰਜ਼ੀ ਜਾਂਚ ਕਰਵਾ ਲੈਣ। ਅਸੀਂ ਅਕਾਲ ਤਖਤ ਤੋਂ 27 ਜਨਵਰੀ 2026 ਨੂੰ ਪੰਜਾਬ ਸਰਕਾਰ ਨੂੰ ਚਿੱਠੀ ਭੇਜ ਕੇ ਲੈਬਾਂ ਬਾਰੇ ਦੱਸਣ ਦੀ ਮੰਗ ਕੀਤੀ ਪਰ ਅੱਜ ਤੱਕ ਸਰਕਾਰ ਨੇ ਜਵਾਬ ਨਹੀਂ ਦਿੱਤਾ ਤੇ ਨਾ ਹੀ ਲੈਬ ਦਾ ਨਾਮ ਦੱਸਿਆ। ਜਥੇਦਾਰ ਨੇ ਕਿਹਾ ਕਿ ਦੁਨੀਆ ਦੀ ਕੋਈ ਸਰਕਾਰ ਹੋਵੇ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਝੁਕਾਅ ਨਹੀਂ ਸਕਦੀ। ਗੁਰੂ ਸਾਹਿਬ ਦੇ ਇਸ ਤਖਤ ਲਈ ਅਸੀਂ ਸਿਰ ਕਟਵਾ ਤਾਂ ਸਕਦੇ ਹਾਂ ਪਰ ਝੁਕਾਅ ਨਹੀਂ ਸਕਦੇ। ਜਥੇਦਾਰ ਨੇ ਕਿਹਾ ਕਿ ਮੇਰੇ ਬਾਰੇ ਕਿਹਾ ਗਿਆ ਕਿ ਇੰਨਾ ਸਮਾਂ ਹੋ ਗਿਆ ਵੀਡੀਓ ਦੀ ਜਾਂਚ ਦਾ ਕੀ ਬਣਿਆ, ਮੁੱਖ ਮੰਤਰੀ ਆ ਗਿਆ ਜਥੇਦਾਰ ਨਾਲ ਮੀਟਿੰਗ ਹੋਈ ਤੇ ਬਦਲ ਗਏ ਪਰ ਅਸੀਂ ਭਾਰਤ ਦੀਆਂ ਵੱਡੀਆਂ ਲੈਬਾਂ ਤੋਂ ਜਾਂਚ ਕਰਵਾਈ। ਜਾਂਚ ਆਖ ਰਹੀ ਹੈ ਕਿ ਇਹ ਏ. ਆਈ. ਵੀਡੀਓ ਨਹੀਂ, ਸਗੋਂ ਅਸਲੀ ਹੈ। ਜਥੇਦਾਰ ਨੇ ਕਿਹਾ ਕਿ ਅੱਜ ਪੰਥ ਦੀ ਇਕੱਤਰਤਾ ਵਿਚ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵਿਰੁੱਧ ਸ਼ਿਕਇਤ ਵਿਚ ਪੁੱਜੀ ਇਤਰਾਜ਼ਯੋਗ ਵੀਡੀਓ ਦਾ ਮਾਮਲਾ ਗੰਭੀਰਤਾ ਨਾਲ ਵਿਚਾਰਿਆ। ਵੀਡੀਓ ਵਿਚ ਨਜ਼ਰ ਰਿਹਾ ਸ਼ਖਸ ਅਤਿ ਨਿੰਦਣਯੋਗ ਹਰਕਤਾਂ ਕਰਦਾ ਦਿਖਾਈ ਦੇ ਰਿਹਾ ਹੈ। ਗੁਰੂ ਖਾਲਸਾ ਪੰਥ ਅਜਿਹੀਆਂ ਹਰਕਤਾਂ ਨੂੰ ਕਦੇ ਵੀ ਬਰਦਾਸ਼ਤ ਨਹੀਂ ਕਰ ਸਕਦਾ। ਅੱਜ ਪੰਥਕ ਤੇ ਧਾਰਮਿਕ ਜਥੇਬੰਦੀਆਂ ਨੂੰ ਸੱਦਿਆ ਗਿਆ, ਜਿਸ ਵਿਚ ਕਾਨੂੰਨੀ ਮਾਹਿਰ ਵੀ ਸ਼ਾਮਲ ਹੋਏ। ਜਿਸ ਵਿਚ ਫੈਸਲਾ ਕੀਤਾ ਗਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਨੂੰ ਗੁਰੂ ਦੋਖੀ ਤੇ ਪੰਥ ਵਿਰੋਧੀ ਐਲਾਨਿਆ ਜਾਵੇ। ਇਕ ਮੁੱਖ ਮੰਤਰੀ ਦਾ ਅਹੁਦਾ ਬਹੁਤ ਹੀ ਸਤਿਕਾਰਤ ਹੁੰਦਾ ਹੈ, ਜਿਸ ਨੇ ਸੂਬੇ ਦੇ ਹਰ ਨਾਗਿਰਕ ਦੀ ਨੁਮਾਇੰਦਗੀ ਕਰਨੀ ਹੁੰਦੀ ਹੈ, ਮੁੱਖ ਮੰਤਰੀ ਨੇ ਸ੍ਰੀ ਅਕਾਲ ਤਖ਼ਤ ਵਿਖੇ ਆ ਕੇ ਝੂਠ ਬੋਲਿਆ ਹੈ, ਇਸ ਤੋਂ ਇਹ ਆਸ ਨਹੀਂ ਕੀਤੀ ਜਾ ਸਕਦੀ ਕਿ ਇਹ ਸਿੱਖ ਹਿਤੈਸ਼ੀ ਫੈਸਲੇ ਲਵੇਗਾ। ਸਿੱਖਾਂ ਦੀ ਤਰਜਮਾਨੀ ਕਰਦਿਆਂ ਸ੍ਰੀ ਅਕਾਲ ਤਖ਼ਤ ਵਿਖੇ ਭਗਵੰਤ ਮਾਨ ਨੂੰ ਗੁਰੂ ਦੋਖੀ ਅਤੇ ਖਾਲਸਾ ਪੰਥ ਵਿਰੋਧੀ ਕਰਾਰ ਦਿੱਤਾ ਜਾਂਦਾ ਹੈ।



ਬੇਅਦਬੀ ਐਕਟ ਮਾਮਲੇ ਵਿਚ ਪੰਜਾਬ ਦੇ ਸਾਰੇ ਸਿੱਖ ਵਿਧਾਇਕਾਂ ਨੂੰ 29 ਜੂਨ ਨੂੰ ਅਕਾਲ ਤਖਤ ਸਾਹਿਬ ਉਤੇ ਤਲਬ ਕੀਤਾ ਕੀਤਾ ਗਿਆ ਹੈ। ਸਾਰੇ ਸਿੱਖ ਵਿਧਾਇਕਾਂ ਭਾਵੇਂ ਉਹ ਕਿਸੇ ਵੀ ਪਾਰਟੀ ਨਾਲ ਸਬੰਧਤ ਹੋਣ ਜਿਨ੍ਹਾਂ ਨੇ ਇਸ ਕਾਨੂੰਨ ਨੂੰ ਬਿਨਾਂ ਪੜ੍ਹੇ ਜਾਂ ਪੰਥ ਨਾਲ ਸਲਾਹ ਕੀਤੇ ਬਿਨਾਂ ਦਸਤਖਤ ਕੀਤੇ, ਪੂਰੀ ਕੈਬਨਿਟ ਸਮੇਤ 29 ਜੂਨ ਨੂੰ ਅਕਾਲ ਤਖ਼ਤ ਸਾਹਿਬ ਵਿਖੇ ਪੇਸ਼ ਹੋਣ ਲਈ ਸੰਮਨ ਭੇਜਿਆ ਗਿਆ ਹੈ। ਦੱਸਣਯੋਗ ਹੈ ਕਿ ਪੰਜਾਬ ਸਰਕਾਰ ਨੇ ਗੁਰੂ ਗ੍ਰੰਥ ਸਾਹਿਬ ਸਤਿਕਾਰ ਐਕਟ ਪੇਸ਼ ਕੀਤਾ ਸੀ, ਜਿਸ ਨੂੰ ਵਿਧਾਨ ਸਭਾ ਵਿਚ ਪਾਸ ਕਰ ਦਿੱਤਾ ਗਿਆ ਪਰ ਕਿਸੇ ਵੀ ਸਿੱਖ ਸੰਗਠਨ ਦੀ ਰਾਏ ਨਹੀਂ ਲਈ ਗਈ। ਜਦੋਂ ਇਸ ਮਾਮਲੇ 'ਤੇ ਪੰਥ ਦੇ ਅੰਦਰ ਵਿਚਾਰ-ਵਟਾਂਦਰਾ ਕੀਤਾ ਗਿਆ ਤਾਂ ਸਾਰਿਆਂ ਨੇ ਸਹਿਮਤੀ ਪ੍ਰਗਟ ਕੀਤੀ ਕਿ ਪੰਥ ਦੀ ਸਹਿਮਤੀ ਤੋਂ ਬਿਨਾਂ ਕੋਈ ਵੀ ਕਾਨੂੰਨ ਨਹੀਂ ਬਣਾਇਆ ਜਾਵੇਗਾ।

**ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਇਤਰਾਜ਼ ਕਿਉਂ ?**

ਪੰਜਾਬ ਸਰਕਾਰ ਵੱਲੋਂ ਲਿਆਂਦੇ ਗਏ ਬੇਅਦਬੀ ਕਾਨੂੰਨ 'ਤੇ ਬੋਲਦਿਆਂ ਜਥੇਦਾਰ ਨੇ ਕਿਹਾ ਕਿ ਸਾਰੇ ਹੀ ਲੋਕ ਚਾਹੁੰਦੇ ਹਨ ਕਿ ਬੇਅਦਬੀ ਕਰਨ ਵਾਲਿਆਂ ਨੂੰ ਸਖ਼ਤ ਤੋਂ ਸਖ਼ਤ ਸਜ਼ਾ ਮਿਲੇ ਪਰ ਇਸ ਕਾਨੂੰਨ ਵਿਚ ਗੁਰੂ ਘਰ ਦੇ ਪ੍ਰਬੰਧਕਾਂ ਅਤੇ ਗ੍ਰੰਥੀ ਸਿੰਘਾਂ ਦੀ ਜ਼ਿੰਮੇਵਾਰੀ ਸਪੱਸ਼ਟ ਨਹੀਂ ਕੀਤੀ ਗਈ। ਇਹ ਮਸਲਾ ਪੰਥ ਨਾਲ ਜੁੜਿਆ ਹੋਇਆ ਹੈ ਅਤੇ ਇਸ ਬਾਰੇ ਫ਼ੈਸਲੇ ਪੰਥਕ ਅਧਾਰ 'ਤੇ ਹੀ ਹੋਣੇ ਚਾਹੀਦੇ ਹਨ, ਨਾ ਕਿ ਸਰਕਾਰਾਂ ਵੱਲੋਂ ਇਕੱਲੇ ਤੌਰ 'ਤੇ ਲਏ ਜਾਣੇ ਚਾਹੀਦੇ ਹਨ। ਪੰਜਾਬ ਸਰਕਾਰ ਵੱਲੋਂ ਸਿੱਖ ਪੰਥ ਦੀ ਪ੍ਰਵਾਨਗੀ ਬਿਨ੍ਹਾਂ ਇਹ ਕਾਨੂੰਨ ਕਿਉਂ ਬਣਾਇਆ ਗਿਆ। ਸਿੱਖ ਪੰਥ ਨੂੰ ਖ਼ੁਦ ਪਤਾ ਹੈ ਕਿ ਗੁਰੂ ਸਾਹਿਬ ਦਾ ਅਦਬ-ਸਤਿਕਾਰ ਕਿਵੇਂ ਕਰਨਾ ਹੈ ਅਤੇ ਕੁਝ ਵਿਅਕਤੀ ਇਕੱਠੇ ਹੋ ਕੇ ਇਸ ਤਰ੍ਹਾਂ ਦੇ ਫ਼ੈਸਲੇ ਨਹੀਂ ਲੈ ਸਕਦੇ।

**'ਆਪ' ਨੇ ਦੋਸ਼ ਨਕਾਰੇ**

ਦੂਜੇ ਪਾਸੇ ਆਮ ਆਦਮੀ ਪਾਰਟੀ ਦੇ ਮੁੱਖ ਬੁਲਾਰੇ ਬਲਤੇਜ ਪੰਨੂ ਨੇ ਸਾਰੇ ਦੋਸ਼ਾਂ ਨੂੰ ਨਿਰ ਆਧਾਰ ਦੱਸਿਆ ਹੈ। ਉਨ੍ਹਾਂ ਕਿਹਾ ਕਿ ਮੰਨਿਆ ਕਿ ਵੀਡੀਓ ਅਸਲੀ ਹੈ ਪਰ ਉਸ ਵਿਚ ਦਿਖਾਈ ਦੇ ਰਿਹਾ ਵਿਅਕਤੀ ਕੌਣ ਹੈ, ਇਹ ਕਿੱਥੇ ਸਾਬਤ ਹੁੰਦਾ ਹੈ। ਆਉਣ ਵਾਲੇ ਦਿਨਾਂ ਵਿਚ ਦੁੱਧ ਦਾ ਦੁੱਧ ਅਤੇ ਪਾਣੀ ਦਾ ਪਾਣੀ ਹੋ ਜਾਵੇਗਾ।




## ਮਸ਼ਹੂਰ ਵਿਧਾਇਕ 'ਤੇ ਦੋਸ਼ ਲਗਾਉਂਦੇ ਹੋਏ ਮੁਲਾਜ਼ਮ ਨੇ ਕੀਤੀ ਖੁਦਕੁਸ਼ੀ: ਪ੍ਰਸ਼ਾਸਨ 'ਚ ਮੱਚਿਆ ਹੜਕੰਪ...

**ਮਾਨਸਾ, 15 ਜੂਨ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੇ ਮਾਨਸਾ ਜ਼ਿਲ੍ਹੇ ਦੇ ਬੋਹਾ ਕਸਬੇ ਵਿੱਚ ਸਿਹਤ ਵਿਭਾਗ ਦੇ ਸੁਪਰਵਾਈਜ਼ਰ ਭੂਪਿੰਦਰ ਕੁਮਾਰ ਨੇ ਨਹਿਰ ਵਿੱਚ ਛਾਲ ਮਾਰ ਕੇ ਖੁਦਕੁਸ਼ੀ ਕਰ ਲਈ। ਇਸ ਮਾਮਲੇ ਨੂੰ ਲੈ ਕੇ ਬੋਹਾ ਕਸਬਾ ਬੰਦ ਕਰਕੇ ਰੋਸ ਪ੍ਰਦਰਸ਼ਨ ਕੀਤਾ ਜਾ ਰਿਹਾ ਹੈ। ਪਰਿਵਾਰ ਨੇ ਪ੍ਰਿੰਸੀਪਲ ਬੁੱਧ ਰਾਮ ਅਤੇ ਸਿਹਤ ਵਿਭਾਗ ਦੇ ਕੁਝ ਕਰਮਚਾਰੀਆਂ 'ਤੇ ਭੂਪਿੰਦਰ ਨੂੰ ਖੁਦਕੁਸ਼ੀ ਲਈ ਮਜ਼ਬੂਰ ਕਰਨ ਦੇ ਦੋਸ਼ ਲਗਾਏ ਹਨ। ਮ੍ਰਿਤਕ ਦੇ ਪਰਿਵਾਰ ਦਾ ਦੋਸ਼ ਹੈ ਕਿ ਭੂਪਿੰਦਰ ਕੁਮਾਰ ਨੂੰ ਵਿਧਾਇਕ ਨੇ ਫੋਨ 'ਤੇ ਧਮਕਾਇਆ ਸੀ। ਉਨ੍ਹਾਂ ਦਾ ਕਹਿਣਾ ਹੈ ਕਿ ਕੁਝ ਲੋਕਾਂ ਨੇ ਜਾਣਬੁੱਝ ਕੇ ਵਿਧਾਇਕ ਕੋਲ ਸ਼ਿਕਾਇਤ ਕੀਤੀ, ਜਿਸ ਤੋਂ ਬਾਅਦ ਭੂਪਿੰਦਰ ਨੂੰ ਮਾਨਸਿਕ ਦਬਾਅ ਦਾ ਸਾਹਮਣਾ ਕਰਨਾ ਪਿਆ ਅਤੇ ਉਨ੍ਹਾਂ ਨੇ ਇਹ ਕਦਮ ਚੁੱਕ ਲਿਆ। ਸੁਪਰਵਾਈਜ਼ਰ ਦੀ ਲਾਸ਼ ਮਿਲਣ ਤੋਂ ਬਾਅਦ ਤੋਂ ਹੀ ਬੋਹਾ ਕਸਬਾ ਬੰਦ ਹੈ। ਪ੍ਰਦਰਸ਼ਨਕਾਰੀ ਵਿਧਾਇਕ ਅਤੇ ਸਿਹਤ ਵਿਭਾਗ ਦੇ ਸੰਬੰਧਤ ਕਰਮਚਾਰੀਆਂ ਖ਼ਿਲਾਫ਼ ਤੁਰੰਤ ਕਾਰਵਾਈ ਅਤੇ ਗ੍ਰਿਫ਼ਤਾਰੀ ਦੀ ਮੰਗ ਕਰ ਰਹੇ ਹਨ। ਪੁਲਿਸ ਨੂੰ ਭੂਪਿੰਦਰ ਕੁਮਾਰ ਦਾ ਇੱਕ ਕਥਿਤ ਸੁਸਾਈਡ ਨੋਟ ਵੀ ਮਿਲਿਆ ਹੈ। ਇਸ ਵਿੱਚ ਉਨ੍ਹਾਂ ਨੇ ਸਿਹਤ ਵਿਭਾਗ ਦੇ ਕੁਝ ਕਰਮਚਾਰੀਆਂ 'ਤੇ ਵਿਧਾਇਕ ਕੋਲ ਸ਼ਿਕਾਇਤ ਕਰਨ ਅਤੇ ਉਨ੍ਹਾਂ ਨੂੰ ਫੋਨ 'ਤੇ ਧਮਕੀਆਂ ਦੇਣ ਦੇ ਦੋਸ਼ ਲਗਾਏ ਹਨ। ਸੁਸਾਈਡ ਨੋਟ ਵਿੱਚ ਭੂਪਿੰਦਰ ਨੇ ਲਗਾਤਾਰ ਹੋ ਰਹੀ ਬੇਇੱਜ਼ਤੀ ਅਤੇ ਮਾਨਸਿਕ ਤੰਗ-ਪਰੇਸ਼ਾਨੀ ਨੂੰ ਖੁਦਕੁਸ਼ੀ ਦਾ ਕਾਰਨ ਦੱਸਿਆ ਹੈ।

## ਅਮਰੀਕਾ 'ਚ ਖੌਫਨਾਕ ਹਾਦਸਾ, 11 ਸਕਾਈਡਾਈਵਰਾਂ ਸਮੇਤ 12 ਲੋਕਾਂ ਦੀ ਮੌਤ, ਉਡਾਣ ਭਰਦਿਆਂ ਹੀ ਕ੍ਰੈਸ਼ ਹੋਇਆ ਜਹਾਜ਼

**ਵਾਸ਼ਿੰਗਟਨ, 15 ਜੂਨ (ਆਵਾਜ਼ਿ ਕੌਮ ਬਿਊਰੋ)**-ਅਮਰੀਕਾ ਦੇ ਮਿਸੂਰੀ ਰਾਜ ਤੋਂ ਦੁਖਦਾਈ ਖ਼ਬਰਾਂ ਸਾਹਮਣੇ ਆ ਰਹੀਆਂ ਹਨ, ਜਿੱਥੇ ਐਤਵਾਰ ਨੂੰ ਇੱਕ ਸਕਾਈਡਾਈਵਿੰਗ ਜਹਾਜ਼ ਨੇ ਆਪਣਾ



ਕੰਟਰੋਲ ਗੁਆ ਦਿੱਤਾ ਅਤੇ ਉਡਾਣ ਭਰਨ ਤੋਂ ਥੋੜ੍ਹੀ ਦੇਰ ਬਾਅਦ ਹੀ ਹਾਦਸਾਗ੍ਰਸਤ ਹੋ ਗਿਆ। ਇਸ ਦੁਖਦਾਈ ਹਾਦਸੇ ਵਿੱਚ ਪਾਇਲਟ ਸਮੇਤ ਬਾਰਾਂ ਲੋਕਾਂ ਦੀ ਮੌਤ ਹੋ ਗਈ। ਅਧਿਕਾਰੀਆਂ ਨੇ ਦੱਸਿਆ ਕਿ ਐਤਵਾਰ ਨੂੰ ਸਥਾਨਕ ਸਮੇਂ ਅਨੁਸਾਰ ਸਵੇਰੇ ਲਗਭਗ 11:34 ਵਜੇ ਮਿਸੂਰੀ ਦੇ ਬਟਲਰ ਮੈਮੋਰੀਅਲ ਹਵਾਈ ਅੱਡੇ ਤੋਂ ਉਡਾਣ ਭਰਨ ਤੋਂ ਥੋੜ੍ਹੀ ਦੇਰ ਬਾਅਦ ਇੱਕ ਪੈਸੀਫਿਕ ਏਅਰੋਸਪੇਸ ਜਹਾਜ਼ ਤਕਨੀਕੀ ਖਰਾਬੀ ਜਾਂ ਅਣਜਾਣ ਕਾਰਨਾਂ ਕਰਕੇ ਹਾਦਸਾਗ੍ਰਸਤ ਹੋ ਗਿਆ, ਜਿਸ ਵਿੱਚ ਪਾਇਲਟ ਅਤੇ 11 ਸਕਾਈਡਾਈਵਰਾਂ ਸਮੇਤ ਸਾਰੇ 12 ਲੋਕਾਂ ਦੀ ਮੌਤ ਹੋ ਗਈ। ਮਿਸੂਰੀ ਸਟੇਟ ਹਾਈਵੇਅ ਪੈਟਰੋਲ ਅਤੇ ਬੇਟਸ ਕਾਉਂਟੀ ਐਮਰਜੈਂਸੀ ਮੈਨੇਜਮੈਂਟ ਦੇ ਅਨੁਸਾਰ, ਇਹ ਦੁਖਦਾਈ ਹਾਦਸਾ ਕੈਨਸਸ ਸਿਟੀ ਤੋਂ ਲਗਭਗ 60 ਮੀਲ ਦੱਖਣ ਵਿੱਚ ਬਟਲਰ ਦੇ ਹਵਾਈ ਅੱਡੇ ਦੇ ਨੇੜੇ ਵਾਪਰਿਆ। ਜਹਾਜ਼ ਦੇ ਉਡਾਣ ਭਰਨ ਤੋਂ ਥੋੜ੍ਹੀ ਦੇਰ ਬਾਅਦ ਹੀ ਬਚਾਅ ਅਤੇ ਰਾਹਤ ਟੀਮਾਂ ਮੌਕੇ 'ਤੇ ਪਹੁੰਚ ਗਈਆਂ, ਪਰ ਉਦੋਂ ਤੱਕ ਸਾਰੇ ਯਾਤਰੀਆਂ ਦੀ ਮੌਤ ਹੋ ਚੁੱਕੀ ਸੀ। ਮਿਸੂਰੀ ਸਟੇਟ ਹਾਈਵੇਅ ਪੈਟਰੋਲ ਨੇ ਸੋਸ਼ਲ ਮੀਡੀਆ ਪਲੇਟਫਾਰਮ ਐਕਸ 'ਤੇ ਇੱਕ ਪੋਸਟ ਰਾਹੀਂ ਇਸ ਦੁਖਦਾਈ ਘਟਨਾ ਬਾਰੇ ਅਧਿਕਾਰਤ ਜਾਣਕਾਰੀ ਸਾਂਝੀ ਕੀਤੀ। ਏਜੰਸੀ ਨੇ ਆਪਣੀ ਪੋਸਟ ਵਿੱਚ ਕਿਹਾ ਕਿ ਸ਼ੁਰੂਆਤੀ ਰਿਪੋਰਟਾਂ ਤੋਂ ਪਤਾ ਚੱਲਦਾ ਹੈ ਕਿ ਹਾਦਸੇ ਵਿੱਚ ਜਹਾਜ਼ ਵਿੱਚ ਸਵਾਰ ਕੁੱਲ 12 ਲੋਕਾਂ ਦੀ ਮੌਤ ਹੋ ਗਈ ਹੈ, ਅਤੇ ਕਿਸੇ ਦੇ ਵੀ ਬਚਣ ਦੀ ਉਮੀਦ ਨਹੀਂ ਹੈ। ਸਥਾਨਕ ਟੈਲੀਵਿਜ਼ਨ ਸਟੇਸ਼ਨ ਫੌਕਸ4 ਨਾਲ ਗੱਲ ਕਰਦੇ ਹੋਏ, ਬੇਟਸ ਕਾਉਂਟੀ ਐਮਰਜੈਂਸੀ ਮੈਨੇਜਮੈਂਟ ਦੇ ਬੁਲਾਰੇ ਨੇ ਪੀੜਤਾਂ ਦੀ ਪਛਾਣ ਦੀ ਪੁਸ਼ਟੀ ਕੀਤੀ। ਉਨ੍ਹਾਂ ਕਿਹਾ ਕਿ ਜਹਾਜ਼ ਵਿੱਚ 12 ਲੋਕ ਸਵਾਰ ਸਨ, ਜਿਨ੍ਹਾਂ ਵਿੱਚ 11 ਸਕਾਈਡਾਈਵਿੰਗ ਪ੍ਰੇਮੀ ਅਤੇ ਇੱਕ ਪਾਇਲਟ ਸ਼ਾਮਲ ਹੈ। ਅਮਰੀਕੀ ਹਵਾਬਾਜ਼ੀ ਰੈਗੂਲੇਟਰ, 611 ਨੇ ਕਿਹਾ ਕਿ ਪੈਸੀਫਿਕ ਏਰੋਸਪੇਸ ਜਹਾਜ਼ ਬਟਲਰ ਮੈਮੋਰੀਅਲ ਹਵਾਈ ਅੱਡੇ ਤੋਂ ਰਵਾਨਾ ਹੋਣ ਤੋਂ ਥੋੜ੍ਹੀ ਦੂਰੀ 'ਤੇ ਹਾਦਸਾਗ੍ਰਸਤ ਹੋ ਗਿਆ। ਹਾਦਸੇ ਦੀ ਗੰਭੀਰਤਾ ਦੇ ਕਾਰਨ, ਨੈਸ਼ਨਲ ਟ੍ਰਾਂਸਪੋਰਟੇਸ਼ਨ ਸੇਫਟੀ ਬੋਰਡ ਨੇ ਜਾਂਚ ਦਾ ਕੰਟਰੋਲ ਸੰਭਾਲ ਲਿਆ ਹੈ ਅਤੇ ਹੋਰ ਅਪਡੇਟ ਜਾਰੀ ਕਰੇਗਾ।

## ਫ਼ੌਜੀ ਵਾਹਨਾਂ 'ਤੇ ਸੀ ਦੁਸ਼ਮਣ ਦੀ ਨਜ਼ਰ ! ਬਠਿੰਡਾ 'ਚ ਹਾਈਵੇ ਕਿਨਾਰੇ ਲੱਗੇ ਗੁਪਤ ਕੈਮਰੇ ਨੇ ਖੋਲ੍ਹਿਆ ਰਾਜ਼

**ਚੰਡੀਗੜ੍ਹ/ਬਠਿੰਡਾ, 15 ਜੂਨ (ਆਵਾਜ਼ਿ ਕੌਮ ਬਿਊਰੋ)**-ਰਾਸ਼ਟਰੀ ਸੁਰੱਖਿਆ ਨਾਲ ਜੁੜੇ ਇੱਕ ਬਹੁਤ ਹੀ



ਗੰਭੀਰ ਮਾਮਲੇ 'ਚ ਬਠਿੰਡਾ ਪੁਲਸ ਅਤੇ ਕਾਊਂਟਰ ਇੰਟੈਲੀਜੈਂਸ ਦੀ ਸਾਂਝੀ ਟੀਮ ਨੇ ਕਥਿਤ ਜਾਸੂਸੀ ਨੈੱਟਵਰਕ ਦਾ ਪਰਦਾਫਾਸ਼ ਕਰਦਿਆਂ ਦੋ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਹੈ। ਦੋਸ਼ ਹੈ ਕਿ ਬਠਿੰਡਾ-ਮਲੋਟ ਰੋਡ 'ਤੇ ਸਰਕਾਰੀ ਬਿਜਲੀ ਦੇ ਖੰਭੇ 'ਤੇ ਗੁਪਤ ਤੌਰ 'ਤੇ ਸੋਲਰ ਪਾਵਰ ਨਾਲ ਚੱਲਣ ਵਾਲਾ ਕੈਮਰਾ ਲਗਾ ਕੇ ਫ਼ੌਜ, ਪੁਲਸ ਅਤੇ ਹੋਰ ਸੁਰੱਖਿਆ ਏਜੰਸੀਆਂ ਦੀਆਂ ਗਤੀਵਿਧੀਆਂ 'ਤੇ ਨਜ਼ਰ ਰੱਖੀ ਜਾ ਰਹੀ ਸੀ ਅਤੇ ਉਸ ਦੀ ਫੁਟੇਜ ਪਾਕਿਸਤਾਨ ਅਤੇ ਕੈਨੇਡਾ 'ਚ ਬੈਠੇ ਦੇਸ਼ ਵਿਰੋਧੀ ਤੱਤਾਂ ਤੱਕ ਪਹੁੰਚਾਈ ਜਾ ਰਹੀ ਸੀ। ਪੁਲਸ ਮੁਤਾਬਕ ਥਾਣਾ ਥਰਮਲ ਬਠਿੰਡਾ 'ਚ 9 ਜੂਨ 2026 ਨੂੰ ਵੱਖ-ਵੱਖ ਧਾਰਾਵਾਂ ਤਹਿਤ ਕੇਸ ਦਰਜ ਕੀਤਾ ਗਿਆ ਹੈ।

ਜਾਂਚ 'ਚ ਸਾਹਮਣੇ ਆਇਆ ਕਿ ਬਠਿੰਡਾ-ਮਲੋਟ ਨੈਸ਼ਨਲ ਹਾਈਵੇ 'ਤੇ ਅੰਬੂਜਾ ਫੈਕਟਰੀ ਦੇ ਸਾਹਮਣੇ ਸਰਕਾਰੀ ਬਿਜਲੀ ਦੇ ਖੰਭੇ 'ਤੇ ਮਾਰਚ ਮਹੀਨੇ ਦੌਰਾਨ ਸੋਲਰ ਊਰਜਾ ਨਾਲ ਚੱਲਣ ਵਾਲਾ ਇੱਕ ਕੈਮਰਾ ਲਗਾਇਆ ਗਿਆ ਸੀ। ਕੈਮਰੇ 'ਚ ਐਕਟਿਵ ਸਿਮ ਕਾਰਡ ਲੱਗਾ ਹੋਣ ਕਾਰਨ ਇਸ ਰਾਹੀਂ ਲਗਾਤਾਰ ਲਾਈਵ ਨਿਗਰਾਨੀ ਕੀਤੀ ਜਾ ਰਹੀ ਸੀ। ਮੁੱਢਲੀ ਜਾਂਚ ਮੁਤਾਬਕ ਕੈਮਰੇ ਦਾ ਮੁੱਖ ਮਕਸਦ ਰਾਜਸਥਾਨ, ਫਾਜ਼ਿਲਕਾ ਅਤੇ ਫਿਰੋਜ਼ਪੁਰ ਸਰਹੱਦ ਵੱਲ ਜਾਣ ਵਾਲੇ ਫ਼ੌਜੀ ਵਾਹਨਾਂ, ਸੁਰੱਖਿਆ ਬਲਾਂ ਦੀ ਤਾਇਨਾਤੀ ਅਤੇ ਸੰਵੇਦਨਸ਼ੀਲ ਗਤੀਵਿਧੀਆਂ ਬਾਰੇ ਜਾਣਕਾਰੀ ਇਕੱਠੀ ਕਰਨਾ ਸੀ। ਇਹ ਵੀ ਸ਼ੱਕ ਜਤਾਇਆ ਜਾ ਰਿਹਾ ਹੈ ਕਿ ਇਹ ਫੁਟੇਜ ਪਾਕਿਸਤਾਨ ਅਤੇ ਕੈਨੇਡਾ 'ਚ ਸਰਗਰਮ ਨੈੱਟਵਰਕ ਤੱਕ ਭੇਜੀ ਜਾ ਰਹੀ ਸੀ।

ਮਾਮਲੇ ਦੀ ਗੰਭੀਰਤਾ ਨੂੰ ਦੇਖਦਿਆਂ ਐੱਸ. ਐੱਸ. ਪੀ. ਬਠਿੰਡਾ ਡਾ. ਜੋਤੀ ਯਾਦਵ ਬੈਂਸ ਦੇ ਨਿਰਦੇਸ਼ਾਂ 'ਤੇ ਵਿਸ਼ੇਸ਼ ਟੀਮਾਂ ਦਾ ਗਠਨ ਕੀਤਾ ਗਿਆ। ਬਠਿੰਡਾ ਪੁਲਸ ਅਤੇ ਕਾਊਂਟਰ ਇੰਟੈਲੀਜੈਂਸ ਦੀਆਂ ਟੀਮਾਂ ਨੇ ਸੀ. ਸੀ. ਟੀ. ਵੀ. ਫੁਟੇਜ, ਤਕਨੀਕੀ ਸਬੂਤਾਂ ਅਤੇ ਹਿਊਮਨ ਇੰਟੈਲੀਜੈਂਸ ਦੀ ਮਦਦ ਨਾਲ ਪੂਰੇ ਨੈੱਟਵਰਕ ਨੂੰ ਟਰੇਸ ਕੀਤਾ। 10 ਜੂਨ ਨੂੰ ਅੰਮ੍ਰਿਤਸਰ ਜ਼ਿਲ੍ਹੇ ਦੇ ਅਜਨਾਲਾ ਖੇਤਰ ਦੇ ਪਿੰਡ ਸਰਾਏ ਦੇ ਰਹਿਣ ਵਾਲੇ 40 ਸਾਲਾ ਅਸ਼ੋਕ ਸਿੰਘ ਪੁੱਤਰ ਪ੍ਰਕਾਸ਼ ਸਿੰਘ ਨੂੰ ਗ੍ਰਿਫ਼ਤਾਰ ਕੀਤਾ ਗਿਆ। ਉਸ ਤੋਂ ਪੁੱਛਗਿੱਛ ਦੇ ਆਧਾਰ 'ਤੇ 14 ਜੂਨ ਨੂੰ ਪਿੰਡ ਸਰਾਏ ਦੇ ਹੀ 22 ਸਾਲਾ ਅਕਾਸਦੀਪ ਸਿੰਘ ਪੁੱਤਰ ਬਲਦੇਵ ਸਿੰਘ ਨੂੰ ਵੀ ਕਾਬੂ ਕਰ ਲਿਆ ਗਿਆ।

ਪੁਲਸ ਰਿਮਾਂਡ ਦੌਰਾਨ ਦੋ ਹੋਰ ਵਿਅਕਤੀਆਂ ਦੀ ਸ਼ਮੂਲੀਅਤ ਵੀ ਸਾਹਮਣੇ ਆਈ ਹੈ। ਮਾਮਲੇ 'ਚ ਕੁੱਲ ਚਾਰ ਲੋਕਾਂ ਨੂੰ ਨਾਮਜ਼ਦ ਕੀਤਾ ਗਿਆ ਹੈ, ਜਿਨ੍ਹਾਂ ਵਿੱਚੋਂ ਦੋ ਗ੍ਰਿਫ਼ਤਾਰ ਹੋ ਚੁੱਕੇ ਹਨ, ਜਦੋਂ ਕਿ ਬਾਕੀ ਦੋ ਦੀ ਭਾਲ ਲਈ ਲਗਾਤਾਰ ਛਾਪੇਮਾਰੀ ਕੀਤੀ ਜਾ ਰਹੀ ਹੈ। ਜਾਂਚ ਏਜੰਸੀਆਂ ਦਾ ਮੰਨਣਾ ਹੈ ਕਿ ਮੁਲਜ਼ਮਾਂ ਨੇ ਬਹੁਤ ਸੋਚ-ਸਮਝ ਕੇ ਅਜਿਹੀ ਥਾਂ ਦੀ ਚੋਣ ਕੀਤੀ ਸੀ, ਜਿੱਥੋਂ ਨੈਸ਼ਨਲ ਹਾਈਵੇ ਤੋਂ ਲੰਘਣ ਵਾਲੀਆਂ ਸੁਰੱਖਿਆ ਏਜੰਸੀਆਂ ਅਤੇ ਫ਼ੌਜੀ ਵਾਹਨਾਂ ਦੀਆਂ ਗਤੀਵਿਧੀਆਂ 'ਤੇ ਲਗਾਤਾਰ ਨਜ਼ਰ ਰੱਖੀ ਜਾ ਸਕੇ। ਪੁਲਸ ਅਧਿਕਾਰੀਆਂ ਦਾ ਕਹਿਣਾ ਹੈ ਕਿ ਇਹ ਮਾਮਲਾ ਸਿਰਫ਼ ਸਥਾਨਕ ਪੱਧਰ ਤੱਕ ਸੀਮਤ ਨਹੀਂ ਲੱਗਦਾ, ਸਗੋਂ ਇਸ ਦੇ ਤਾਰ ਅੰਤਰਰਾਸ਼ਟਰੀ ਨੈੱਟਵਰਕ ਨਾਲ ਜੁੜੇ ਹੋਣ ਦੀ ਸੰਭਾਵਨਾ ਹੈ। ਗ੍ਰਿਫ਼ਤਾਰ ਮੁਲਜ਼ਮਾਂ ਤੋਂ ਪੁੱਛਗਿੱਛ ਤੋਂ ਬਾਅਦ ਆਉਣ ਵਾਲੇ ਦਿਨਾਂ 'ਚ ਹੋਰ ਕਈ ਵੱਡੇ ਖ਼ੁਲਾਸੇ ਹੋਣ ਦੀ ਸੰਭਾਵਨਾ ਜਤਾਈ ਜਾ ਰਹੀ ਹੈ।

## ਅਕਾਲੀ ਆਗੂ ਬਿਕਰਮ ਸਿੰਘ ਮਜੀਠੀਆ ਨੂੰ ਮਿਲੀ ਵੱਡੀ ਰਾਹਤ

**ਚੰਡੀਗੜ੍ਹ/ਅੰਮ੍ਰਿਤਸਰ, 15 ਜੂਨ (ਆਵਾਜ਼ਿ ਕੌਮ ਬਿਊਰੋ)**-ਅੰਮ੍ਰਿਤਸਰ ਦੀ



ਜਿਲ੍ਹਾ ਅਦਾਲਤ ਨੇ ਸੋਮਵਾਰ ਨੂੰ ਮਜੀਠਾ ਪੁਲਿਸ ਸਟੇਸ਼ਨ ਵਿਚ ਦਰਜ ਐਫ.ਆਈ.ਆਰ. ਨੰਬਰ 91 ਦੇ ਸੰਬੰਧ ਵਿਚ ਸ਼੍ਰੋਮਣੀ ਅਕਾਲੀ ਦਲ ਦੇ ਬਿਕਰਮ ਸਿੰਘ ਮਜੀਠੀਆ ਨੂੰ ਅੰਤਰਿਮ ਜ਼ਮਾਨਤ ਦੇ ਦਿੱਤੀ ਹੈ। ਇਹ ਮਾਮਲਾ ਬਿਕਰਮ ਸਿੰਘ ਮਜੀਠੀਆ ਅਤੇ ਕਈ ਅਕਾਲੀ ਵਰਕਰਾਂ ਦੇ ਮਜੀਠਾ ਪੁਲਿਸ ਸਟੇਸ਼ਨ ਵਿਚ ਦਾਖਲ ਹੋਣ, ਸਰਕਾਰੀ ਦਸਤਾਵੇਜ਼ ਪਾੜਨ ਅਤੇ ਸਰਕਾਰੀ ਕੰਮਕਾਜ ਵਿਚ ਵਿਘਨ ਪਾਉਣ ਦੇ ਦੋਸ਼ਾਂ ਨਾਲ ਸੰਬੰਧਿਤ ਹੈ। ਇਸ ਤੋਂ ਪਹਿਲਾਂ ਮਜੀਠਾ ਪੁਲਿਸ ਸਟੇਸ਼ਨ ਵਿਚ ਦਰਜ ਐਫ.ਆਈ.ਆਰ. ਨੰਬਰ 91 ਦੇ ਸੰਬੰਧ ਵਿਚ ਪੰਜਾਬ ਪੁਲਿਸ ਦੁਆਰਾ ਗਠਿਤ ਵਿਸ਼ੇਸ਼ ਜਾਂਚ ਟੀਮ (ਐਸਆਈਟੀ) ਦੁਆਰਾ ਮਜੀਠੀਆ ਦੇ ਵਕੀਲ ਬਿਕਰਮਜੀਤ ਸਿੰਘ ਬਾਠ ਨੂੰ ਕਲੀਨ ਚਿੱਟ ਦੇ ਦਿੱਤੀ ਗਈ ਸੀ। ਪੰਜਾਬ ਰਾਜਨੀਤੀ ਪੰਜ ਮੈਂਬਰੀ ਐਸ.ਆਈ.ਟੀ. ਨੇ ਅਦਾਲਤ ਨੂੰ ਦੱਸਿਆ ਕਿ ਵਕੀਲ ਨੂੰ ਕਿਸੇ ਵੀ ਗੈਰ-ਕਾਨੂੰਨੀ ਗਤੀਵਿਧੀ ਨਾਲ ਜੋੜਨ ਦਾ ਕੋਈ ਸਬੂਤ ਨਹੀਂ ਮਿਲਿਆ ਹੈ। ਐਸ.ਆਈ.ਟੀ. ਨੇ ਅੱਗੇ ਕਿਹਾ ਕਿ ਬਾਠ ਨੇ ਸਿਰਫ਼ ਇਕ ਵਕੀਲ ਵਜੋਂ ਆਪਣੇ ਪੇਸ਼ੇਵਰ ਸਮਰੱਥਾ ਵਿਚ ਪੁਲਿਸ ਸਟੇਸ਼ਨ ਦਾ ਦੌਰਾ ਕੀਤਾ ਸੀ ਤਾਂ ਜੋ ਜਾਣਕਾਰੀ ਪ੍ਰਾਪਤ ਕੀਤੀ ਜਾ ਸਕੇ ਅਤੇ ਆਪਣੇ ਮੁਵੱਕਿਲ ਦੇ ਕਾਨੂੰਨੀ ਅਧਿਕਾਰਾਂ ਦੀ ਰਾਖੀ ਕੀਤੀ ਜਾ ਸਕੇ। ਬਿਕਰਮ ਸਿੰਘ ਮਜੀਠੀਆ ਤੇ ਹੋਰਨਾਂ ਦੇ ਖ਼ਿਲਾਫ਼ 31 ਮਈ ਨੂੰ ਪੁਲਿਸ ਥਾਣਾ ਮਜੀਠਾ ਵਿੱਚ ਜਬਰੀ ਦਾਖਲ ਹੋਣ ਅਤੇ ਇੱਕ ਬੰਧਕ ਨੂੰ ਛੁਡਾਉਣ ਦਾ ਯਤਨ ਕਰਨ ਦੇ ਦੋਸ਼ ਹੇਠ ਕੇਸ ਦਰਜ ਕੀਤਾ ਗਿਆ ਸੀ। ਇਸ ਮਾਮਲੇ ਵਿੱਚ ਅਕਾਲੀ ਆਗੂ ਮਜੀਠੀਆ ਸਮੇਤ ਹੋਰ ਵੀ ਨਾਮਜਦ ਕੀਤੇ ਗਏ ਸਨ। ਮਜੀਠੀਆ ਵੱਲੋਂ ਇਸ ਸਬੰਧ ਵਿੱਚ ਬੀਤੇ 9 ਜੂਨ ਨੂੰ ਜ਼ਿਲ੍ਹਾ ਅਦਾਲਤ ਵਿੱਚ ਗ੍ਰਿਫਤਾਰੀ ਦੇ ਰੋਕ ਲਾਉਣ ਅਤੇ ਅਗਾਊ ਜਮਾਨਤ ਦੀ ਅਰਜੀ ਦਾਇਰ ਕੀਤੀ ਗਈ ਸੀ, ਉਸਦੇ ਵਕੀਲ ਐਡਵੋਕੇਟ ਅਮਨਬੀਰ ਸਿੰਘ ਸਿਆਲੀ ਨੇ ਦੱਸਿਆ ਕਿ ਇਸ ਮਾਮਲੇ ਵਿੱਚ ਜਾਂਚ ਕਰ ਰਹੀ ਪੁਲੀਸ ਦੀ ਵਿਸ਼ੇਸ਼ ਜਾਂਚ ਟੀਮ ਨੇ ਅਦਾਲਤ ਨੂੰ ਦੱਸਿਆ ਕਿ ਐਡਵੋਕੇਟ ਬਿਕਰਮਜੀਤ ਬਾਠ ਕਾਨੂੰਨੀ ਸਲਾਹਕਾਰ ਦੇ ਰੂਪ ਵਿੱਚ ਘਟਨਾ ਵਾਲੇ ਦਿਨ ਉਸ ਦੇ ਨਾਲ ਸੀ ਅਤੇ ਇਸ ਵਿੱਚ ਉਸਦਾ ਕੋਈ ਰੋਲ ਨਹੀਂ ਹੈ। ਇਸ ਲਈ ਇਸ ਮਾਮਲੇ ਵਿੱਚ ਉਸਦੀ ਗ੍ਰਿਫਤਾਰੀ ਦੀ ਲੋੜ ਨਹੀਂ ਹੈ। ਦੂਜੇ ਪਾਸੇ ਸ਼੍ਰੋਮਣੀ ਅਕਾਲੀ ਦਲ ਨੇ ਇਸ ਮਾਮਲੇ ਨੂੰ ਸਿਆਸੀ ਬਦਲਾਖੋਰੀ ਦੀ ਭਾਵਨਾ ਨਾਲ ਦਰਜ ਕੀਤਾ ਗਿਆ ਕੇਸ ਕਰਾਰ ਦਿੱਤਾ ਹੈ।

"ੴ ਸਤਿਗੁਰ ਪ੍ਰਸਾਦਿ ॥"

# ਖੇਡਾਂ ਸਲੇਮ ਪੁਰ ਮਸੰਦਾ ਦੀਆਂ

## ਧੰਨ-ਧੰਨ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਚਰਨ ਸੇਵਕ

# ਬਾਬਾ ਦਾਸਾ ਜੀ ਦੇ ਸਾਲਾਨਾ ਜੋੜ ਮੇਲੇ ਤੇ

# 72ਵਾਂ ਸ਼ਾਨਦਾਰ ਵਾਲੀਵਾਲ ਅਤੇ ਕਬੱਡੀ ਟੂਰਨਾਮੈਂਟ

**24-6-2026 ਤੋਂ 28-6-2026 ਤੱਕ ਪਿੰਡ ਸਲੇਮਪੁਰ-ਮਸੰਦਾ ਵਿਖੇ ਕਰਵਾਇਆ ਜਾ ਰਿਹਾ ਹੈ ।**

ਆਪ ਜੀ ਨੂੰ ਇਹ ਜਾਣ ਕੇ ਖੁਸ਼ੀ ਹੋਵੇਗੀ ਪਿੰਡ ਸਲੇਮਪੁਰ-ਮਸੰਦਾ ਵਿਖੇ ਪਿਛਲੇ ਸਾਲਾ ਦੀ ਤਰ੍ਹਾਂ ਕਬੱਡੀ ਅਤੇ ਵਾਲੀਵਾਲ ਟੂਰਨਾਮੈਂਟ ਕਰਵਾਇਆ ਜਾ ਰਿਹਾ ਹੈ । ਜਿਹੜਾ 24-6-2026 ਤੋਂ 28-6-2026 ਦਿਨ ਬੁੱਧਵਾਰ, ਵੀਰਵਾਰ, ਸ਼ੁੱਕਰਵਾਰ, ਸ਼ਨੀਵਾਰ ਅਤੇ ਐਤਵਾਰ ਨੂੰ ਹੋ ਰਿਹਾ ਹੈ । ਸਾਰੇ ਇਲਾਕੇ ਦੇ ਖਿਡਾਰੀਆਂ ਅੱਗੇ ਅਪੀਲ ਕੀਤੀ ਜਾਂਦੀ ਹੈ ਕਿ ਵੱਧ ਤੋਂ ਵੱਧ ਟੀਮਾਂ ਭੇਜ ਕੇ ਮੇਲੇ ਦੀ ਰੌਣਕ ਨੂੰ ਵਧਾਓ ਜੀ ।

## ਪ੍ਰੋਗਰਾਮ

**ਦਿਨ ਸ਼ਨੀਵਾਰ 27 ਜੂਨ 2026 ਮੁਤਾਬਿਕ 13 ਹਾੜ**

ਆਰੰਭ ਸ੍ਰੀ ਅਖੰਡ ਪਾਠ ਸਾਹਿਬ........................................10.00 ਵਜੇ ਸਵੇਰੇ

**ਦਿਨ ਸੋਮਵਾਰ 29 ਜੂਨ 2026 ਮੁਤਾਬਿਕ 15 ਹਾੜ**

ਭੋਗ ਸ੍ਰੀ ਅਖੰਡ ਪਾਠ ਸਾਹਿਬ........................................9.00 ਵਜੇ ਸਵੇਰੇ ਉਪਰੰਤ 3 ਵਜੇ ਤੱਕ ਦਿਵਾਨ ਸਜੇਗਾ ।

ਆਵਾਜ਼ਿ ਕੌਮ AWAZE QAUM International Newspaper & WEB TV

**ਇਸ ਸ਼ੁਭ ਅਵਸਰ ਤੇ ਢਾਡੀ ਜੱਥਾ ਮੇਜਰ ਸਿੰਘ ਹੀਰਾ , ਢਾਡੀ ਜੱਥਾ ਸੁਖਵਿੰਦਰ ਸਿੰਘ ਅਨਮੋਲ ਸੰਗਤਾਂ ਨੂੰ ਨਿਹਾਲ ਕਰਨਗੇ ।**

27-28 ਜੂਨ ਸ਼ਾਮ 7-00 ਵਜੇ ਤੋਂ 9-00 ਵਜੇ ਤੱਕ ਭਾਈ ਸੁਲੱਖਣ ਸਿੰਘ ਮਾਡੀਵਾੜਾ ਸਾਹਿਬ ਵਾਲੇ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕਰਨਗੇ ।
ਸਲੇਮਪੁਰ ਤੇ ਪਰਾਗਪੁਰ ਵਾਲੀਆਂ ਬੀਬੀਆਂ ਦਾ ਜੱਥਾ 24 ਜੂਨ ਤੋਂ 28 ਜੂਨ ਤੱਕ ਸਵੇਰੇ 6-00 ਵਜੇ ਤੋਂ 8-00 ਵਜੇ ਤੱਕ ਸੁਖਮਨੀ ਸਾਹਿਬ ਦੇ ਜਾਪ ਕਰਨਗੇ ।

## ਇਸ ਟੂਰਨਾਮੈਂਟ ਵਿਚ ਹੇਠ ਲਿਖੀਆਂ ਖੇਡਾਂ ਹੋਣਗੀਆਂ

### ਕਬੱਡੀ ਮੁਕਾਬਲੇ

| | ਐਂਟਰੀ | ਪਹਿਲਾਂ ਇਨਾਮ | ਦੂਸਰਾ ਇਨਾਮ |
|---|---|---|---|
| ਸੱਦੀਆ ਹੋਇਆ 8 ਕਲੱਬਾ | 28 ਜੂਨ 1 ਵਜੇ ਤੋਂ | 111000/- | 81000/- |
| 75 ਕਿਲੋ ਕਲੱਬ | 27 ਜੂਨ 12 ਵਜੇ ਤੱਕ | 55000/- | 45000/- |
| 65 ਕਿਲੋ | 27 ਜੂਨ 8 ਵਜੇ ਤੱਕ | 45000/- | 35000/- |
| 55 ਕਿਲੋ | 26 ਜੂਨ 8 ਵਜੇ ਤੱਕ | 30000/- | 25000/- |
| 45 ਕਿਲੋ | 25 ਜੂਨ 8 ਵਜੇ ਤੱਕ | 20000/- | 15000/- |

27 ਜੂਨ ਨੂੰ 75 ਕਿਲੋ ਕਬੱਡੀ ਦਾ ਇੱਕ ਰਾਉਂਡ ਖਡਾਇਆ ਜਾਵੇਗਾ ।

ਨੋਟ-ਹਰੇਕ ਟੀਮ ਵਿੱਚ 2 ਖਿਡਾਰੀ ਬਾਹਰਲੇ ਖੇਡ ਸਕਦੇ ਹਨ ।

### ਵਾਲੀਵਾਲ ਮੁਕਾਬਲੇ

ਓਪਨ ਪਿੰਡ ਪੱਧਰ 28 ਜੂਨ

| ਪਹਿਲਾ ਇਨਾਮ | ਦੂਜਾ ਇਨਾਮ | ਤੀਜਾ ਇਨਾਮ | ਚੌਥਾ ਇਨਾਮ |
|---|---|---|---|
| 41000/- | 31000/- | 15000/- | 10000/- |

ਨੋਟ-2 ਖਿਡਾਰੀ ਬਾਹਰਲੇ ਖੇਡ ਸਕਦੇ ਹਨ ।

12 ਵਜੇ ਤੋਂ ਬਾਅਦ ਕੋਈ ਵੀ ਟੀਮ ਐਂਟਰ ਨਹੀਂ ਕੀਤੀ ਜਾਵੇਗੀ । ਪਹਿਲੀਆ 16 ਟੀਮਾਂ ਐਂਟਰ ਕੀਤੀਆ ਜਾਣਗੀਆ ।

ਮਿਤੀ 29 ਜੂਨ 2026 ਦਿਨ ਸੋਮਵਾਰ ਨੂੰ ਕੁਸ਼ਤੀਆਂ ਦੇ ਮੁਕਾਬਲੇ ਸ਼ਾਮ 4 ਵਜੇ ਕਰਵਾਏ ਜਾਣਗੇ । ਪੰਜਾਬ ਦੀ ਕੁਸ਼ਤੀ ਗਗਨ ਖਹਿਰਾ ਅਤੇ ਇਕਬਾਲ ਇਲਾਨ ਵਿਚ ਹੋਵੇਗੀ । ਛੋਟੇ ਛੋਟੇ ਅਖਾੜਿਆ ਦੀਆਂ ਕੁਸ਼ਤੀਆ ਕਰਵਾਇਆ ਜਾਣਗੀਆ ।



ਓਪਨ ਕਲੱਬ ਕਬੱਡੀ ਦੇ ਬੈਸਟ ਰੇਡਰ ਤੇ ਜਾਫੀ ਨੂੰ ਮੋਟਰਸਾਈਕਲ ਦਿੱਤੇ ਜਾਣਗੇ ।



75 ਕਿਲੋ ਕਬੱਡੀ ਬੈਸਟ ਰੇਡਰ ਤੇ ਜਾਫੀ ਨੂੰ ਮੋਟਰਸਾਈਕਲ ਦਿੱਤੇ ਜਾਣਗੇ ।



65 ਕਿਲੋ ਕਬੱਡੀ ਬੈਸਟ ਰੇਡਰ ਤੇ ਜਾਫੀ ਨੂੰ ਮੋਟਰਸਾਈਕਲ ਦਿੱਤੇ ਜਾਣਗੇ ।

55 ਕਿਲੋ ਕਬੱਡੀ ਬੈਸਟ ਰੇਡਰ ਤੇ ਜਾਫੀ ਨੂੰ 11000- 11000 ਹਜਾਰ ਰੁਪਏ ਦਿੱਤੇ ਜਾਣਗੇ । 45 ਕਿਲੋ ਬੈਸਟ ਰੇਡਰ ਤੇ ਜਾਫੀ ਨੂੰ 5100-5100 ਰੁਪਏ ਦਿੱਤੇ ਜਾਣਗੇ ।



24 ਜੂਨ ਦਿੰਨ ਬੁੱਧਵਾਰ ਦਸਤਾਰ ਮੁਕਾਬਲੇ 10 ਵਜੇ ਕਰਵਾਏ ਜਾਣਗੇ ।
ਉਮਰ 15 ਸਾਲ ਤੱਕ
ਪਹਿਲਾ ਇਨਾਮ-5100, ਦੂਜਾ ਇਨਾਮ-4100, ਤੀਜਾ ਇਨਾਮ-3100 ਰੁਪਏ ਦਿੱਤੇ ਜਾਣਗੇ ।
ਉਮਰ 21 ਸਾਲ ਤੱਕ
ਪਹਿਲਾ ਇਨਾਮ-7100, ਦੂਜਾ ਇਨਾਮ-6100 ਰੁਪਏ ਦਿੱਤੇ ਜਾਣਗੇ ।





24 ਜੂਨ ਦਿੰਨ ਬੁੱਧਵਾਰ ਨੂੰ ਦੁਪਹਿਰ 2 ਵਜੇ ਬਲਦਾ ਦੇ ਹੱਲਟ ਮੁਕਾਬਲੇ ਕਰਵਾਏ ਜਾਣਗੇ ।
ਪਹਿਲਾ ਇਨਾਮ-, ਦੂਸਰਾ ਇਨਾਮ-20000, ਤੀਜਾ ਇਨਾਮ-15000, ਚੌਥਾ ਇਨਾਮ-11000, ਪੰਜਵਾ ਇਨਾਮ -10000 ਰੁਪਏ
ਹਰੇਕ ਦੌੜਣ ਵਾਲੀ ਜੋਗ ਨੂੰ 3100-3100 ਰੁਪਏ ਦਿੱਤੇ ਜਾਣਗੇ ।



ਬੈਸਟ ਵਾਲੀਵਾਲ ਖਿਡਾਰੀ ਫਾਈਨਲ 11000 ਰੁਪਏ ਤੀਜੇ ਤੇ ਚੌਥੇ ਵਿਚੋ ਬੈਸਟ 5100 ਰੁਪਏ

### ਜੌਹਲ ਹਸਪਤਾਲ

ਵਲੋਂ ਖਿਡਾਰੀਆ ਅਤੇ ਬਾਹਰੋ ਆਏ ਦਰਸ਼ਕਾ ਨੂੰ ਫਰੀ ਮੈਡੀਕਲ ਸਹਾਇਤਾ ਦਿੱਤੀ ਜਾਵੇਗੀ ।

**ਗੁਰੂ ਕਾ ਲੰਗਰ ਅਟੁੱਟ ਵਰਤੇਗਾ ।**

**ਨੋਟ : ਇਹ ਕਬੱਡੀ ਟੂਰਨਾਮੈਂਟ ਗੁਰਦੁਆਰਾ ਬਾਬਾ ਦਾਸਾ ਜੀ ਦੇ ਅਸਥਾਨ ਦੇ ਨਜਦੀਕ ਕਰਵਾਇਆ ਜਾਵੇਗਾ ।**

ਜਰੂਰੀ ਸ਼ਰਤਾ 1. ਕੋਈ ਵੀ ਖਿਡਾਰੀ ਤੇਲ ਅਤੇ ਵੈਸਲੀਨ ਵਗੈਰਾ ਸਰੀਰ ਉੱਤੇ ਲਾਕੇ ਨਹੀਂ ਖੇਡ ਸਕਦਾ। 2. ਪੰਜ ਖਿਡਾਰੀਆ ਤੋਂ ਘੱਟ ਖਿਡਾਰੀ ਹੋਣ ਦੀ ਸੂਰਤ ਵਿੱਚ ਨੰਬਰ ਵਿਰੋਧੀ ਟੀਮ ਨੂੰ ਦਿੱਤੇ ਜਾਣਗੇ । 3. ਹਰੇਕ ਟੀਮ ਦਾ ਭਾਰ ਇਕ ਵਾਰੀ ਤੋਲਿਆ ਜਾਵੇਗਾ ਤੇ ਜੇ ਕੋਈ ਟੀਮ ਇਤਰਾਜ਼ ਕਰਦੀ ਹੈ ਤਾਂ ਖਿਡਾਰੀ ਦਾ ਭਾਰ ਦੁਆਰਾ ਤੋਲਿਆ ਜਾਵੇਗਾ। 4. ਜਿਹੜੀਆ ਵੀ ਟੀਮਾਂ ਆਪਸ ਵਿੱਚ ਰੱਲ ਕੇ ਖੇਡਣਗੀਆਂ ਉਹਨਾਂ ਨੂੰ ਟੂਰਨਾਮੈਂਟ ਵਿਚੋਂ ਬਾਹਰ ਕੱਢ ਦਿੱਤਾ ਜਾਵੇਗਾ । 5. **ਹਰੇਕ ਖਿਡਾਰੀ ਆਪਣੇ 2 ਪਛਾਣ ਪੱਤਰ ਨਾਲ ਲੈਕੇ ਆਵੇ** । 6. ਕੋਈ ਵੀ ਖਿਡਾਰੀ ਨਸ਼ਾ ਕਰਕੇ ਨਹੀਂ ਖੇਡ ਸਕਦਾ । 7. ਬਾਕੀ ਸ਼ਰਤਾਂ ਮੌਕੇ ਤੇ ਦੱਸੀਆਂ ਜਾਣਗੀਆ । 8. ਕਿਸੇ ਵੀ ਕਿਸਮ ਦੇ ਝਗੜਾ ਜਾਂ ਇਤਰਾਜ਼ ਤੇ ਆਖਰੀ ਫੈਸਲਾ ਬਾਬਾ ਦਾਸਾ ਜੀ ਮੈਨੇਜਮੈਂਟ ਕਮੇਟੀ ਦਾ ਹੋਵੇਗਾ । 9. **ਕਬੱਡੀ ਦੇ ਬੈਸਟ ਖਿਡਾਰੀ ਸੈਮੀ ਫਾਈਨਲ ਅਤੇ ਫਾਈਨਲ ਵਿੱਚੋਂ ਕੱਢੇ ਜਾਣਗੇ ।**



**ਰੱਸਾ-ਕੱਸੀ ਕਲੱਬ**
ਮਿਤੀ 28-6-2026
ਇਨਾਮ 20000, 15000 ਰੁਪਏ

ਲਾਈਵ ਮੇਲਾ ਮਿਤੀ 26-27-28-29 ਜੂਨ 2026 ਨੂੰ malwatv ਦਿਖਾਏ ਜਾਣਗੇ ।

**ਵੱਲੋਂ : ਬਾਬਾ ਦਾਸਾ ਜੀ ਪ੍ਰਬੰਧਕ ਕਮੇਟੀ, (ਰਜਿ.) ਗ੍ਰਾਮ ਪੰਚਾਇਤ, ਐਨ. ਆਰ.ਆਈ. ਵੀਰ ਅਤੇ ਭੈਣਾ, ਸਮੂਹ ਸਾਧ ਸੰਗਤ ਸਲੇਮਪੁਰ ਮਸੰਦਾਂ (ਜਲੰਧਰ)**

**ਪਿੰਡ ਸਲੇਮਪੁਰ ਮਸੰਦਾਂ ਜੀ.ਟੀ. ਰੋਡ, ਪਰਾਗਪੁਰ ਤੋਂ ਚੜ੍ਹਦੇ ਵੱਲ 1 ਕਿ. ਮੀ. ਦੀ ਦੂਰੀ ਤੇ ਡੱਲਣ ਵੱਲ ਹੈ ।**

**ਧੰਨ ਧੰਨ ਬਾਬਾ ਦਾਸਾ ਜੀ ਦੇ 72 ਵੇ ਸਲਾਨਾ ਜੋੜ ਮੇਲੇ ਦੇ ਸਬੰਧ ਵਿਚ ਕਬੱਡੀ ਬਲਦਾ ਦੀਆ ਹਲਟ ਦੌੜਾ ਵਾਲੀਵਾਲ ਰੱਸਾਕੱਸੀ ਦਸਤਾਰ ਮੁਕਾਬਲੇ ਕੁਸ਼ਤੀਆ ਦੇ ਮੁਕਾਬਲੇ ਕਰਵਾਏ ਜਾਣਗੇ**

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death

Sant Jarnail Singh Ji Khalsa Bhindranwale

www.damdamitaksal.net



ਪੁਰਾਤਨੀ ਸ਼ਬਦੁ ਸਚੀ ਟਕਸਾਲ ॥

ਦਮਦਮੀ ਟਕਸਾਲ

ਨਾਮ ਜਪੋ | ਕਿਰਤ ਕਰੋ | ਵੰਡ ਛਕੋ

Naam Japo | Kirat Karo | Vand Shako

ਜਥਾ ਭਿੰਡਰਾਂ (ਮਹਿਤਾ)

www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਿਹ॥

WAHEGURU JI KA KHALSA WAHEGURU JI KI FATEH

**ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ**

Khande Bate di Pahul Shak Ke Guru Wale Bano

**ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ**

Join Gurbani Santhia and Gurmat Sikhia

**ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ**

Learn Kirtan Katha Kavishri and Dhadi Waran

**ਗੁਰਮੁਖੀ ਪੰਜਾਬੀ ਸਿੱਖੋ**

Learn Gurmukhi Punjabi

**ਗਤਕਾ ਸਿੱਖੋ** Learn Gatka

www.damdamitaksal.net



# ਆਵਾਜ਼ਿ ਕੌਮ

Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫ਼ਤਿਹ – ਪੰਥ ਕੀ ਜੀਤ

*ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥*

## ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



# ਗੁਰਮਤਿ ਸਮਾਗਮ



**1 ਨਵੰਬਰ 2026, ਦਿਨ ਐਤਵਾਰ ਨੂੰ**

**ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ**

ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।

ਧੰਨ-ਧੰਨ ਮਾਤਾ ਸਾਹਿਬ ਕੌਰ ਜੀ

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ

ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ

ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

**ਨੋਟ : ਇਹ ਸਮਾਗਮ 13 ਦਿਨ ਚੱਲੇਗਾ**

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।



ਬੇਨਤੀ ਕਰਤਾ **ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470**

**ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137**

**ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ**

ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਢਿੱਲੋਂ, ਜ: ਮਹਿਤਾਬ ਸਿੰਘ ਢਿੱਲੋਂ

ਸੰਪਰਕ ਨੰਬਰ 84278-66404


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ AWAZE QAUM
International Newspaper & WEB TV

ਵਾਹਿਗੁਰੂ ਜੀ ਕਾ ਖਾਲਸਾ ॥ ਵਾਹਿਗੁਰੂ ਜੀ ਕੀ ਫਤਹਿ॥
ਨਾ ਸਰੋ ਮਨਸੂਰ ਗੁਰੂ ਗੋਬਿੰਦ ਸਿੰਘ ਜੀ॥

# ਪੰਥ ਅਕਾਲੀ ਤਰਨਾ ਦਲ

ਚਲਦਾ ਵਹੀਰ ਚੱਕਰਵਤੀ ਨਿਹੰਗ ਸਿੰਘ ਪੰਜਾਬ ਹਿੰਦੁਸਤਾਨ
ਰਜਿ: ਨੋਟੀਫਿਕੇਸ਼ਨ ਨੰ: ਐਕਸ.ਐਕਸ.ਆਈ. ੧੮੬੦ ਗੌਰਮਿੰਟ ਮਿਸਲ ਸ਼ਹੀਦ ਬਾਬਾ ਬੋਤਾ ਸਿੰਘ ਜੀ
ਬਾਬਾ ਗਰਜਾ ਸਿੰਘ ਜੀ ਪੜਾਅ ਨਿਹੰਗ ਸਿੰਘ ਛਾਉਣੀ

**ਸੱਦਾ ਪੱਤਰ**

## ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਪਾ:੧ ਅਤੇ ਸਾਹਿਬ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਪਾ:੬ ਦੀ ਚਰਨ ਛੂਹ ਪ੍ਰਾਪਤ

## ਗੁਰਦੁਆਰਾ ਟਿੱਬਾ ਸਾਹਿਬ, ਪਿੰਡ ਭੋਲ ਬਾਘੇ


ਸੱਚਖੰਡ ਵਾਸੀ ਸਿੰਘ ਸਾਹਿਬ ਬਾਬਾ ਦਲਬੀਰ ਸਿੰਘ ਜੀ
ਮੁਕਤਸਰ ਸਾਹਿਬ ਵਾਲੇ

## ਤਹਿ: ਬਟਾਲਾ, ਗੁਰਦਾਸਪੁਰ ਵਿਖੇ

# ਉਸਾਰੀ ਦਾ ਨੀਂਹ ਪੱਥਰ

## 16 ਜੂਨ 2026, ਦਿਨ ਮੰਗਲਵਾਰ ਨੂੰ

## ਸੰਗਤਾਂ ਦੇ ਸਹਿਯੋਗ ਅਤੇ ਬੜੀ ਸਰਧਾ ਭਾਵਨਾ ਨਾਲ ਰੱਖਿਆ ਜਾਵੇਗਾ।

:: ਪਹੁੰਚ ਰਹੇ ਮਹਾਂਪੁਰਸ਼ ::

ਸਿੰਘ ਸਾਹਿਬ ਜੱਥੇਦਾਰ ਕੁਲਦੀਪ ਸਿੰਘ ਗੜਗੱਜ
ਸ੍ਰ. ਹਰਜਿੰਦਰ ਸਿੰਘ ਧਾਮੀ, ਪ੍ਰਧਾਨ SGPC
ਸ੍ਰੀ ਮਾਨ ਸੰਤ ਜੀਤ ਸਿੰਘ ਜੀ ਜੌਹਲਾਂ ਵਾਲੇ
ਸ੍ਰੀ ਮਾਨ ਸੰਤ ਬਾਬਾ ਅਵਤਾਰ ਸਿੰਘ ਜੀ ਦਲ ਪੰਥ ਬਾਬਾ ਬਿਧੀ ਚੰਦ ਜੀ
ਸ੍ਰੀ ਮਾਨ ਜੱਥੇਦਾਰ ਬਾਬਾ ਜੋਗਾ ਸਿੰਘ ਜੀ, ਮੁਖੀ ਤਰਨਾ ਦਲ, ਬਾਬਾ ਬਕਾਲਾ ਸਾਹਿਬ

ਆਵਾਜ਼ਿ ਕੌਮ AWAZE QAUM International Newspaper & WEB TV

ਸ੍ਰੀ ਮਾਨ ਸੰਤ ਬਾਬਾ ਪਰਮਜੀਤ ਸਿੰਘ ਜੀ, ਹੰਸਾਲੀ ਵਾਲੇ
ਸ੍ਰੀ ਮਾਨ ਜੱਥੇਦਾਰ ਸੰਤ ਬਾਬਾ ਜਗਿੰਦਰ ਸਿੰਘ ਜੀ, ਰਕਬੇ ਵਾਲੇ
ਸ੍ਰੀ ਮਾਨ ਜੱਥੇਦਾਰ ਸੰਤ ਬਾਬਾ ਮੇਜਰ ਸਿੰਘ ਜੀ, ਮੁਖੀ ਦਸ਼ਮੇਸ਼ ਤਰਨਾ ਦਲ
ਸ੍ਰੀ ਮਾਨ ਸੰਤ ਬਾਬਾ ਲੀਡਰ ਸਿੰਘ ਜੀ, ਸੈਫਲਾਬਾਦ ਵਾਲੇ
ਸ੍ਰੀ ਮਾਨ ਸੰਤ ਬਾਬਾ ਸੁੱਖਾ ਸਿੰਘ ਜੀ, ਰੜ੍ਹਾ ਸਾਹਿਬ, ਪੱਕਾ ਪੁਲ੍ਹ ਵਾਲੇ


ਮੁੱਖ ਜਥੇਦਾਰ ਬਾਬਾ ਰਣਜੀਤ ਸਿੰਘ ਜੀ
ਮੁਕਤਸਰ ਸਾਹਿਬ ਵਾਲੇ


ਜੱਥੇਦਾਰ ਸੰਤ ਬਾਬਾ ਗੁਰਬਚਨ ਸਿੰਘ ਜੀ
ਅਣਖੀ, ਲੀਵਰ ਪੂਲ ਯੂ.ਕੇ


ਜੱਥੇਦਾਰ ਬਾਬਾ ਗੁਰਪ੍ਰੀਤ ਸਿੰਘ ਜੀ
ਮੁਕਤਸਰ ਸਾਹਿਬ ਵਾਲੇ


ਜੱਥੇਦਾਰ ਬਾਬਾ ਕਰਨ ਸਿੰਘ ਜੀ
ਹਜ਼ਾਰਾ, ਯੂ.ਕੇ

**M: 81464 29412, 76269-10039, 88729 29799**

ਫੋਰੈਂਸਿਕ ਖ਼ੁਲਾਸਿਆਂ ਤੋਂ ਬਾਅਦ ਭਗਵੰਤ ਮਾਨ ਲਈ ਮੁੱਖ ਮੰਤਰੀ ਦੇ ਅਹੁਦੇ 'ਤੇ ਬਣੇ ਰਹਿਣ ਦਾ ਕੋਈ ਹੱਕ ਨਹੀਂ

# ਤੁਰੰਤ ਅਸਤੀਫ਼ਾ ਦੇਣ ਅਤੇ ਕੇਸ ਦਰਜ ਹੋਵੇ : ਪ੍ਰੋ. ਸਰਚਾਂਦ ਸਿੰਘ ਖਿਆਲਾ



**ਅੰਮ੍ਰਿਤਸਰ, 15 ਜੂਨ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਭਾਜਪਾ ਦੇ ਬੁਲਾਰੇ ਅਤੇ ਸਿੱਖ ਚਿੰਤਕ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਤੋਂ ਤੁਰੰਤ ਅਸਤੀਫ਼ੇ ਦੀ ਮੰਗ ਕਰਦਿਆਂ ਕਿਹਾ ਹੈ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਵੱਲੋਂ ਦੇਸ਼ ਦੀਆਂ ਸਰਕਾਰ ਦੁਆਰਾ ਮਾਨਤਾ ਪ੍ਰਾਪਤ ਉੱਚ ਤਕਨੀਕੀ ਫੋਰੈਂਸਿਕ ਲੈਬਾਂ ਦੀਆਂ ਰਿਪੋਰਟਾਂ ਦੇ ਹਵਾਲੇ ਨਾਲ ਭਗਵੰਤ ਮਾਨ ਦੀ ਦਸ ਗੁਰੂ ਸਾਹਿਬਾਨ ਦੀ ਤਸਵੀਰ ਦੀ ਬੇਅਦਬੀ ਨਾਲ ਸੰਬੰਧਿਤ ਵਿਵਾਦਿਤ ਵੀਡੀਓ ਦੇ ਸਹੀ ਪਾਏ ਜਾਣ ਬਾਰੇ ਕੀਤੇ ਗਏ ਖ਼ੁਲਾਸਿਆਂ ਤੋਂ ਬਾਅਦ ਭਗਵੰਤ ਮਾਨ ਕੋਲ ਮੁੱਖ ਮੰਤਰੀ ਅਤੇ ਵਿਧਾਇਕ ਦੇ ਅਹੁਦੇ 'ਤੇ ਬਣੇ ਰਹਿਣ ਦਾ ਕੋਈ ਨੈਤਿਕ, ਸਮਾਜਿਕ ਜਾਂ ਰਾਜਨੀਤਿਕ ਅਧਿਕਾਰ ਨਹੀਂ ਰਹਿ ਜਾਂਦਾ।

ਉਨ੍ਹਾਂ ਕਿਹਾ ਕਿ ਜੇਕਰ ਇੱਕ ਆਮ ਨਾਗਰਿਕ ਅਜਿਹੇ ਦੋਸ਼ਾਂ ਲਈ ਕਾਨੂੰਨ ਦੇ ਘੇਰੇ ਵਿੱਚ ਆ ਸਕਦਾ ਹੈ, ਤਾਂ ਸੂਬੇ ਦਾ ਮੁੱਖ ਮੰਤਰੀ ਕਾਨੂੰਨ ਅਤੇ ਨੈਤਿਕਤਾ ਤੋਂ ਉੱਪਰ ਨਹੀਂ ਹੋ ਸਕਦਾ।

ਪ੍ਰੋ. ਖਿਆਲਾ ਨੇ ਕਿਹਾ ਕਿ ਸੰਬੰਧਿਤ ਵੀਡੀਓ ਨਾਲ ਕਿਸੇ ਕਿਸਮ ਦੀ ਛੇੜਛਾੜ ਨਾ ਹੋਣ ਦੀ ਪੁਸ਼ਟੀ ਹੋ ਚੁੱਕੀ ਹੈ, ਤਾਂ ਦਸ ਗੁਰੂ ਸਾਹਿਬਾਨ ਦੀ ਤਸਵੀਰ ਉੱਤੇ ਕਥਿਤ ਤੌਰ 'ਤੇ ਸ਼ਰਾਬ ਦੇ ਸਿੱਟੇ ਮਾਰਨ ਦੀ ਇਹ ਘਟਨਾ ਤੇ ਪਾਪ ਸਿਰਫ਼ ਇੱਕ ਵਿਅਕਤੀ ਦੀ ਨਿੱਜੀ ਕਰਤੂਤ ਨਹੀਂ, ਸਗੋਂ ਕਰੋੜਾਂ ਸਿੱਖਾਂ ਅਤੇ ਨਾਨਕ ਨਾਮ ਲੇਵਾ ਸੰਗਤਾਂ ਦੀਆਂ ਧਾਰਮਿਕ ਭਾਵਨਾਵਾਂ ਅਤੇ ਸਿੱਖ ਵਿਸ਼ਵਾਸ 'ਤੇ ਗੰਭੀਰ ਸੱਟ ਹੈ। ਉਨ੍ਹਾਂ ਕਿਹਾ ਕਿ ਭਾਵੇਂ ਸਿੱਖੀ ਵਿੱਚ ਮੂਰਤੀ ਤੇ ਤਸਵੀਰ ਪੂਜਾ ਦਾ ਸਿਧਾਂਤ ਨਹੀਂ ਹੈ, ਪਰ ਗੁਰੂ ਸਾਹਿਬਾਨ, ਸਿੱਖ ਸ਼ਹੀਦਾਂ ਅਤੇ ਮਹਾਂਪੁਰਸ਼ਾਂ ਨਾਲ ਸੰਬੰਧਿਤ ਤਸਵੀਰਾਂ ਅਤੇ ਪ੍ਰਤੀਕਾਂ ਦਾ ਸਤਿਕਾਰ ਸਿੱਖ ਪਰੰਪਰਾ ਦਾ ਅਹਿਮ ਹਿੱਸਾ ਹੈ। ਉਨ੍ਹਾਂ ਨਾਲ ਜੁੜੇ ਕਿਸੇ ਵੀ ਤਰ੍ਹਾਂ ਦੇ ਅਪਮਾਨ ਨੂੰ ਸਿੱਖ ਕੌਮ ਕਦੇ ਵੀ ਬਰਦਾਸ਼ਤ ਨਹੀਂ ਕਰ ਸਕਦੀ।

ਉਨ੍ਹਾਂ ਕਿਹਾ ਕਿ ਇਸ ਮਾਮਲੇ ਦਾ ਸਭ ਤੋਂ ਚਿੰਤਾਜਨਕ ਪੱਖ ਇਹ ਹੈ ਕਿ ਜਦੋਂ ਭਗਵੰਤ ਮਾਨ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਤਲਬ ਕੀਤਾ ਗਿਆ ਸੀ, ਤਾਂ ਉਨ੍ਹਾਂ ਨੇ ਸੰਬੰਧਿਤ ਵੀਡੀਓ ਨੂੰ ਫ਼ਰਜ਼ੀ ਕਰਾਰ ਦਿੰਦਿਆਂ ਕਿਸੇ ਵੀ ਫੋਰੈਂਸਿਕ ਜਾਂਚ ਦਾ ਸਾਹਮਣਾ ਕਰਨ ਦੀ ਖੁੱਲ੍ਹੀ ਚੁਣੌਤੀ ਦਿੱਤੀ ਸੀ। ਇਹ ਚੁਣੌਤੀ ਮੀਡੀਆ ਦੇ ਸਾਹਮਣੇ ਵੀ ਦੁਹਰਾਈ ਗਈ ਸੀ। ਜੇਕਰ ਹੁਣ ਫੋਰੈਂਸਿਕ ਰਿਪੋਰਟਾਂ ਦੇ ਹਵਾਲੇ ਨਾਲ ਵੀਡੀਓ ਦੀ ਪ੍ਰਮਾਣਿਕਤਾ ਸਾਬਤ ਹੋ ਚੁੱਕੀ ਹੈ, ਤਾਂ ਇਹ ਸਿਰਫ਼ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਦਾ ਮਾਮਲਾ ਨਹੀਂ ਰਹਿੰਦਾ, ਸਗੋਂ ਇਹ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਗੁਮਰਾਹ ਕਰਨ ਅਤੇ ਜਨਤਾ ਸਾਹਮਣੇ ਝੂਠ ਬੋਲਣ ਦਾ ਵੀ ਗੰਭੀਰ ਮਾਮਲਾ ਬਣ ਜਾਂਦਾ ਹੈ।

ਪ੍ਰੋ. ਖਿਆਲਾ ਨੇ ਕਿਹਾ ਕਿ ਭਗਵੰਤ ਮਾਨ ਖ਼ੁਦ ਇੱਕ ਸਿੱਖ ਪਰਿਵਾਰ ਨਾਲ ਸੰਬੰਧਿਤ ਹਨ। ਅਜਿਹੇ ਵਿੱਚ ਉਨ੍ਹਾਂ ਤੋਂ ਸਿੱਖ ਪਰੰਪਰਾਵਾਂ ਅਤੇ ਮਰਿਆਦਾ ਪ੍ਰਤੀ ਵਧੇਰੇ ਸੰਵੇਦਨਸ਼ੀਲਤਾ ਦੀ ਉਮੀਦ ਕੀਤੀ ਜਾਂਦੀ ਸੀ। ਪਰ ਜੇਕਰ ਤੱਥ ਉਹੀ ਹਨ ਜੋ ਹੁਣ ਸਾਹਮਣੇ ਲਿਆਂਦੇ ਜਾ ਰਹੇ ਹਨ, ਤਾਂ ਇਹ ਕਰਤੂਤ ਪੂਰੇ ਸਿੱਖ ਭਾਈਚਾਰੇ ਨੂੰ ਸ਼ਰਮਸਾਰ ਕਰਨ ਵਾਲੀ ਹੈ। ਉਨ੍ਹਾਂ ਕਿਹਾ ਕਿ ਭਗਵੰਤ ਮਾਨ ਕੋਲ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਤਲਬ ਕੀਤੇ ਜਾਣ ਸਮੇਂ ਆਪਣੀ ਗ਼ਲਤੀ ਸਵੀਕਾਰ ਕਰਨ, ਪਛਤਾਵਾ ਪ੍ਰਗਟ ਕਰਨ ਅਤੇ ਪੰਥ ਤੋਂ ਮੁਆਫ਼ੀ ਮੰਗਣ ਦਾ ਮੌਕਾ ਸੀ, ਪਰ ਉਨ੍ਹਾਂ ਨੇ ਇਨਕਾਰ ਅਤੇ ਝੂਠ ਦਾ ਰਾਹ ਚੁਣਿਆ। ਜਿਸ ਨਾਲ ਨਾ ਸਿਰਫ਼ ਉਨ੍ਹਾਂ ਦੇ ਨਿੱਜੀ ਆਚਰਨ 'ਤੇ ਸਵਾਲ ਖੜ੍ਹੇ ਹੋਏ ਹਨ, ਸਗੋਂ ਮੁੱਖ ਮੰਤਰੀ ਦੇ ਅਹੁਦੇ ਦੀ ਗਰਿਮਾ ਵੀ ਦਾਅ 'ਤੇ ਲੱਗ ਗਈ ਹੈ।

ਪ੍ਰੋ. ਖਿਆਲਾ ਨੇ ਪੰਜਾਬ ਪੁਲਿਸ ਅਤੇ ਪ੍ਰਸ਼ਾਸਨ ਨੂੰ ਅਪੀਲ ਕੀਤੀ ਕਿ ਉਪਲਬਧ ਸਬੂਤਾਂ ਅਤੇ ਫੋਰੈਂਸਿਕ ਜਾਂਚ ਦੇ ਆਧਾਰ 'ਤੇ ਭਗਵੰਤ ਮਾਨ ਖ਼ਿਲਾਫ਼ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਸਬੰਧੀ ਬਣਦੀਆਂ ਕਾਨੂੰਨੀ ਧਾਰਾਵਾਂ ਤਹਿਤ ਤੁਰੰਤ ਮਾਮਲਾ ਦਰਜ ਕੀਤਾ ਜਾਵੇ ਅਤੇ ਜਾਂਚ ਨੂੰ ਕਿਸੇ ਵੀ ਰਾਜਨੀਤਿਕ ਪ੍ਰਭਾਵ ਤੋਂ ਮੁਕਤ ਰੱਖਿਆ ਜਾਵੇ।

**ਜੇਕਰ ਇੱਕ ਆਮ ਨਾਗਰਿਕ ਅਜਿਹੇ ਦੋਸ਼ਾਂ ਲਈ ਕਾਨੂੰਨ ਦੇ ਘੇਰੇ ਵਿੱਚ ਆ ਸਕਦਾ ਹੈ, ਤਾਂ ਸੂਬੇ ਦਾ ਮੁੱਖ ਮੰਤਰੀ ਕਾਨੂੰਨ ਅਤੇ ਨੈਤਿਕਤਾ ਤੋਂ ਉੱਪਰ ਨਹੀਂ ਹੋ ਸਕਦਾ**

ਉਨ੍ਹਾਂ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਵੀ ਅਪੀਲ ਕੀਤੀ ਕਿ ਜੇਕਰ ਪੁਲਿਸ ਮੁੱਖ ਮੰਤਰੀ ਭਗਵੰਤ ਮਾਨ ਖ਼ਿਲਾਫ਼ ਕਾਰਵਾਈ ਨਹੀਂ ਕਰਦੀ, ਤਾਂ ਪੰਥਕ ਮਰਿਆਦਾ ਅਤੇ ਸਿੱਖ ਭਾਵਨਾਵਾਂ ਦਾ ਖ਼ਿਆਲ ਰੱਖਦਿਆਂ ਭਗਵੰਤ ਮਾਨ ਖ਼ਿਲਾਫ਼ ਕਾਨੂੰਨੀ ਕਾਰਵਾਈ ਸ਼ੁਰੂ ਕਰਨ ਵਿੱਚ ਦੇਰੀ ਨਾ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਅਜਿਹੇ ਮਾਮਲਿਆਂ ਵਿੱਚ ਚੁੱਪੀ ਪੀੜਤ ਸਿੱਖ ਮਨ ਨੂੰ ਹੋਰ ਆਹਤ ਕਰਦੀ ਹੈ। ਪ੍ਰੋ. ਖਿਆਲਾ ਨੇ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਤੋਂ ਵੀ ਸਪਸ਼ਟੀਕਰਨ ਮੰਗਦਿਆਂ ਕਿਹਾ ਕਿ ਉਹ ਦੇਸ਼ ਅਤੇ ਖ਼ਾਸ ਕਰਕੇ ਪੰਜਾਬ ਦੀ ਜਨਤਾ ਨੂੰ ਦੱਸਣ ਕਿ ਕੀ ਉਨ੍ਹਾਂ ਦੀ ਪਾਰਟੀ ਧਾਰਮਿਕ ਪ੍ਰਤੀਕਾਂ ਨਾਲ ਜੁੜੇ ਅਜਿਹੇ ਕਥਿਤ ਆਚਰਨ ਨੂੰ ਸਵੀਕਾਰ ਕਰਦੀ ਹੈ। ਉਨ੍ਹਾਂ ਕਿਹਾ ਕਿ ਜੇਕਰ ਆਮ ਆਦਮੀ ਪਾਰਟੀ ਸੱਚਮੁੱਚ ਨੈਤਿਕ ਰਾਜਨੀਤੀ ਦਾ ਦਾਅਵਾ ਕਰਦੀ ਹੈ, ਤਾਂ ਉਸ ਨੂੰ ਇਸ ਮਾਮਲੇ 'ਤੇ ਆਪਣਾ ਰੁਖ਼ ਸਪੱਸ਼ਟ ਕਰਨਾ ਚਾਹੀਦਾ ਹੈ ਅਤੇ ਭਗਵੰਤ ਮਾਨ ਨੂੰ ਜਵਾਬਦੇਹ ਠਹਿਰਾਉਣਾ ਚਾਹੀਦਾ ਹੈ। ਅੰਤ ਵਿੱਚ ਪ੍ਰੋ. ਖਿਆਲਾ ਨੇ ਕਿਹਾ ਕਿ ਇਹ ਮਾਮਲਾ ਕਿਸੇ ਇੱਕ ਰਾਜਨੀਤਿਕ ਦਲ ਦਾ ਨਹੀਂ, ਸਗੋਂ ਪੰਜਾਬ ਦੀ ਧਾਰਮਿਕ ਸੰਵੇਦਨਸ਼ੀਲਤਾ, ਜਨਤਕ ਜੀਵਨ ਦੀਆਂ ਕਦਰਾਂ-ਕੀਮਤਾਂ ਅਤੇ ਸੱਚ ਪ੍ਰਤੀ ਜਵਾਬਦੇਹੀ ਦਾ ਹੈ। ਪੰਜਾਬ ਦੀ ਜਨਤਾ ਅਤੇ ਸਿੱਖ ਕੌਮ ਨੂੰ ਇਸ ਮਾਮਲੇ ਵਿੱਚ ਨਿਰਪੱਖ ਕਾਨੂੰਨੀ ਕਾਰਵਾਈ ਅਤੇ ਨੈਤਿਕ ਜਵਾਬਦੇਹੀ ਦੀ ਉਮੀਦ ਹੈ। ਉਨ੍ਹਾਂ ਕਿਹਾ ਕਿ ਪੰਜਾਬ ਵਰਗੇ ਸੂਬੇ ਦਾ ਮੁੱਖ ਮੰਤਰੀ, ਜਿਸ ਦੀ ਧਰਤੀ ਗੁਰੂ ਸਾਹਿਬਾਨ ਦੇ ਉਪਦੇਸ਼ਾਂ ਅਤੇ ਬਲੀਦਾਨਾਂ ਨਾਲ ਪਵਿੱਤਰ ਹੋਈ ਹੈ, ਜੇਕਰ ਧਾਰਮਿਕ ਸੰਵੇਦਨਾਵਾਂ ਨਾਲ ਜੁੜੇ ਅਜਿਹੇ ਵਿਵਾਦਾਂ ਦੇ ਕੇਂਦਰ ਵਿੱਚ ਹੋਵੇ, ਤਾਂ ਉਸ ਲਈ ਅਹੁਦੇ ਨਾਲ ਚਿੰਬੜੇ ਰਹਿਣਾ ਲੋਕਤੰਤਰੀ ਅਤੇ ਨੈਤਿਕ ਕਦਰਾਂ-ਕੀਮਤਾਂ ਦਾ ਨਿਰਾਦਰ ਹੈ।

ਗੁ: ਬੇਰ ਸਾਹਿਬ ਪਾ:10ਵੀਂ ਛਾਉਣੀ ਬੁੱਢਾ ਦਲ ਵਿਖੇ

# ਸੰਗਰਾਂਦ ਅਤੇ ਮੱਸਿਆ ਦਿਹਾੜੇ ਤੇ 100 ਪ੍ਰਾਣੀ ਅੰਮ੍ਰਿਤਧਾਰੀ ਹੋਏ




**ਤਲਵੰਡੀ ਸਾਬੋ, 15 ਜੂਨ (ਗੁਰਜੰਟ ਸਿੰਘ ਨਥੇਹਾ)**- ਦਸਮ ਪਾਤਸ਼ਾਹ ਦੀ ਚਰਨਛੋਹ ਪ੍ਰਾਪਤ ਧਰਤ ਤਲਵੰਡੀ ਸਾਬੋ ਵਿਖੇ ਨਿਹੰਗ ਸਿੰਘਾਂ ਦੀ ਸ਼੍ਰੋਮਣੀ ਸੰਸਥਾ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਪੰਜਵਾਂ ਤਖ਼ਤ ਚਲਦਾ ਵਹੀਰ ਦੇ ਮੁਖ ਹੈਡਕੁਆਟਰ ਗੁ: ਬੇਰ ਸਾਹਿਬ ਦੇਗਸਰ ਪਾ:ਦਸਵੀਂ ਯਾਦਗਾਰ ਬਾਬਾ ਦੀਪ ਸਿੰਘ ਛਾਉਣੀ ਬੁੱਢਾ ਦਲ ਵਿਖੇ ਹਾੜ ਮਹੀਨੇ ਦੀ ਸੰਗਰਾਂਦ ਅਤੇ ਮੱਸਿਆ ਦਾ ਦਿਹਾੜਾ ਪੂਰਨ ਸਰਧਾ ਭਾਵਨਾ ਨਾਲ ਸਹਿਤ ਮਨਾਇਆ ਗਿਆ। ਸੰਗਤਾਂ ਨੇ ਹੁੰਮਹੁਮਾ ਕੇ ਹਾਜ਼ਰੀਆਂ ਭਰੀਆਂ ਤੇ ਆਪਣੀ ਸਰਧਾ ਭਾਵਨਾ ਨਾਲ ਅਰਦਾਸਾਂ ਕੀਤੀਆਂ। ਗੁ: ਬੇਰ ਸਾਹਿਬ ਵਿਚ ਸੇਵਾ ਕਰ ਰਹੇ ਬੁੱਢਾ ਦਲ ਦੇ ਸੇਵਾਦਾਰ ਬਾਬਾ ਦਲੇਰ ਸਿੰਘ ਖਾਲਸਾ ਨੇ ਦੱਸਿਆ ਕਿ ਬੁੱਢਾ ਦਲ ਦੇ ਮੁਖੀ ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਵੱਲੋਂ ਹੋਏ ਨਿਰਦੇਸ਼ਾਂ ਅਨੁਸਾਰ ਸੰਗਰਾਂਦ ਅਤੇ ਮੱਸਿਆ ਦਿਹਾੜਾ ਮਨਾਉਣ ਲਈ ਬੁੱਢਾ ਦਲ ਵੱਲੋਂ ਪੂਰਨ ਮੁਕੰਮਲ ਪ੍ਰਬੰਧ ਕੀਤੇ ਜਾਂਦੇ ਹਨ, ਸੰਗਤਾਂ ਦੀ ਆਓ ਭਗਤ ਲਈ ਗੁਰੂ ਕੇ ਲੰਗਰ, ਠੰਡੇ ਜਲ ਦੀ ਛਬੀਲ ਅਤੇ ਸ਼ਹੀਦੀ ਦੇਗ (ਸ਼ਰਦਾਈ) ਦੀ ਛਬੀਲ ਲਗਾਈ ਗਈਆਂ ਹਨ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਵੱਲੋਂ ਬਖਸ਼ੀ ਮਰਯਾਦਾ ਅਨੁਸਾਰ ਪੰਜ ਪਿਆਰਿਆਂ ਵੱਲੋਂ ਖੰਡੇ ਬਾਟੇ ਦਾ ਅੰਮ੍ਰਿਤ ਤਿਆਰ ਕੀਤਾ ਗਿਆ। ਜਿਸ ਵਿੱਚ 100 ਪ੍ਰਾਣੀ ਅੰਮ੍ਰਿਤ ਛੱਕ ਗੁਰੂ ਵਾਲੇ ਬਣੇ। ਨਿਹੰਗ ਸਿੰਘਾਂ ਦੇ ਪੁਰਾਣੇ ਲਾਇਸੰਸ ਰੀਨੀਓ ਤੇ ਨਵੇਂ ਬਨਾਏ ਗਏ। ਅੰਮ੍ਰਿਤ ਛੱਕਣ ਵਾਲੇ ਪ੍ਰਾਣੀਆਂ ਨੂੰ ਬੁੱਢਾ ਦਲ ਦੇ ਮੁਖੀ ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਨੇ ਵਧਾਈ ਦਿੰਦਿਆਂ ਕਿਹਾ ਕਿ ਮੈਂ ਅਕਾਲ ਪੁਰਖ ਦੇ ਦਰ ਅਰਦਾਸ ਕਰਦਾ ਅੰਮ੍ਰਿਤ ਦੀ ਦਾਤ ਪ੍ਰਾਪਤ ਕਰਨ ਵਾਲਿਆਂ ਦਾ ਜੀਵਨ ਸੁਖਦ, ਸਿੱਖੀ ਮਰਯਾਦਾ ਅਨੁਸਾਰ ਸਫਲ ਹੋਏ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਆਦਮੀ ਪਾਰਟੀ ਦੇ ਪਰਿਵਾਰ 'ਚ ਹੋਇਆ ਵਾਧਾ; ਓਐਸਡੀ ਸੁਖਵੀਰ ਸਿੰਘ ਦੀ ਮੌਜੂਦਗੀ 'ਚ ਸਰਪੰਚ ਰਵਿੰਦਰ ਕੁਮਾਰ ਰਿੰਕਾ ਸਾਥੀਆਂ ਸਮੇਤ ਆਪ 'ਚ ਹੋਏ ਸ਼ਾਮਲ

### ਗਾਰੰਟੀਆਂ ਤੋਂ ਅੱਗੇ ਵੱਧ ਕੇ ਲੋਕ ਭਲਾਈ ਦੇ ਕੰਮ ਕਰਨ ਵਾਲੀ ਸਰਕਾਰ ਬਣੀ ਮਾਨ ਸਰਕਾਰ: ਓਐਸਡੀ ਸੁਖਵੀਰ ਸਿੰਘ



**ਧੂਰੀ ( ਰਣਜੀਤ ਸਿੰਘ ਪੇਧਨੀ )**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਓਐਸਡੀ ਸੁਖਵੀਰ ਸਿੰਘ ਦੀ ਮੌਜੂਦਗੀ ਵਿੱਚ ਪਿੰਡ ਹਸਨਪੁਰ ਦੇ ਸਰਪੰਚ ਰਵਿੰਦਰ ਕੁਮਾਰ ਰਿੰਕਾ ਆਪਣੇ ਸਾਥੀਆਂ ਸਮੇਤ ਆਮ ਆਦਮੀ ਪਾਰਟੀ ਦੇ ਪਰਿਵਾਰ ਵਿੱਚ ਸ਼ਾਮਲ ਹੋ ਗਏ। ਇਸ ਮੌਕੇ ਉਨ੍ਹਾਂ ਦਾ ਨਿੱਘਾ ਸਵਾਗਤ ਕਰਦਿਆਂ ਸੁਖਵੀਰ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੇ ਪਿਛਲੇ ਸਵਾ ਚਾਰ ਸਾਲਾਂ ਦੌਰਾਨ ਲੋਕਾਂ ਨਾਲ ਕੀਤੇ ਵਾਅਦਿਆਂ ਨੂੰ ਪੂਰਾ ਕਰਨ ਦੀ ਦਿਸ਼ਾ ਵਿੱਚ ਇਤਿਹਾਸਕ ਕੰਮ ਕੀਤੇ ਹਨ। ਉਨ੍ਹਾਂ ਕਿਹਾ ਕਿ ਸਰਕਾਰ ਨੇ ਸਿਰਫ਼ ਆਪਣੀਆਂ ਗਾਰੰਟੀਆਂ ਨੂੰ ਹੀ ਪੂਰਾ ਨਹੀਂ ਕੀਤਾ, ਸਗੋਂ ਅਜਿਹੇ ਕਈ ਲੋਕ ਭਲਾਈ ਦੇ ਫ਼ੈਸਲੇ ਵੀ ਲਾਗੂ ਕੀਤੇ ਹਨ ਜੋ ਚੋਣ ਗਾਰੰਟੀਆਂ ਦਾ ਹਿੱਸਾ ਵੀ ਨਹੀਂ ਸਨ। ਕਿਸਾਨਾਂ ਨੂੰ ਖੇਤੀ ਮੋਟਰਾਂ ਲਈ ਦਿਨ ਵੇਲੇ ਬਿਜਲੀ ਦੀ ਸਹੂਲਤ ਮੁਹੱਈਆ ਕਰਵਾਉਣ ਅਤੇ ਸਾਲਾਂ ਤੋਂ ਅਣਗੌਲੀਆਂ ਨਹਿਰੀ ਪ੍ਰਣਾਲੀਆਂ ਨੂੰ ਸੁਧਾਰ ਕੇ ਖੇਤਾਂ ਤੱਕ ਨਹਿਰੀ ਪਾਣੀ ਪਹੁੰਚਾਉਣ ਦੇ ਕੰਮ ਨੇ ਖੇਤੀ ਖੇਤਰ ਨੂੰ ਨਵੀਂ ਦਿਸ਼ਾ ਦਿੱਤੀ ਹੈ। ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਘਰੇਲੂ ਖਪਤਕਾਰਾਂ ਨੂੰ 600 ਯੂਨਿਟ ਮੁਫ਼ਤ ਬਿਜਲੀ ਦੀ ਸਹੂਲਤ, ਪਰਿਵਾਰਾਂ ਲਈ 10 ਲੱਖ ਰੁਪਏ ਤੱਕ ਦਾ ਮੁੱਖ ਮੰਤਰੀ ਸਿਹਤ ਬੀਮਾ, ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਅਤੇ 40 ਲੱਖ ਪਰਿਵਾਰਾਂ ਨੂੰ ਰਾਸ਼ਨ ਕਿੱਟਾਂ ਮੁਹੱਈਆ ਕਰਵਾਉਣ ਵਰਗੇ ਕਦਮ ਲੋਕਾਂ ਦੀ ਜ਼ਿੰਦਗੀ ਵਿੱਚ ਸਕਾਰਾਤਮਕ ਬਦਲਾਅ ਲਿਆ ਰਹੇ ਹਨ। ਸੁਖਵੀਰ ਸਿੰਘ ਨੇ ਕਿਹਾ ਕਿ ਸਿੱਖਿਆ, ਸਿਹਤ, ਬਿਜਲੀ, ਖੇਤੀਬਾੜੀ ਅਤੇ ਸਮਾਜਿਕ ਸੁਰੱਖਿਆ ਦੇ ਖੇਤਰ ਵਿੱਚ ਕੀਤੇ ਜਾ ਰਹੇ ਇਤਿਹਾਸਕ ਸੁਧਾਰਾਂ ਕਾਰਨ ਹਰ ਵਰਗ ਦਾ ਵਿਸ਼ਵਾਸ ਆਮ ਆਦਮੀ ਪਾਰਟੀ ਪ੍ਰਤੀ ਮਜ਼ਬੂਤ ਹੋ ਰਿਹਾ ਹੈ ਅਤੇ ਇਸੇ ਵਿਸ਼ਵਾਸ ਦੀ ਬਦੌਲਤ ਵੱਖ-ਵੱਖ ਪਾਰਟੀਆਂ ਅਤੇ ਸਮਾਜ ਦੇ ਹਰ ਵਰਗ ਨਾਲ ਜੁੜੇ ਲੋਕ ਲਗਾਤਾਰ ਆਮ ਆਦਮੀ ਪਾਰਟੀ ਦੇ ਕਾਫ਼ਲੇ ਵਿੱਚ ਸ਼ਾਮਲ ਹੋ ਰਹੇ ਹਨ। ਇਸ ਮੌਕੇ ਸਰਪੰਚ ਰਵਿੰਦਰ ਕੁਮਾਰ ਰਿੰਕਾ ਨੇ ਕਿਹਾ ਕਿ ਉਹ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਵਿੱਚ ਹੋ ਰਹੇ ਵਿਕਾਸ ਕਾਰਜਾਂ ਅਤੇ ਲੋਕ ਭਲਾਈ ਦੀਆਂ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਆਪਣੇ ਸਾਥੀਆਂ ਸਮੇਤ ਆਮ ਆਦਮੀ ਪਾਰਟੀ ਨਾਲ ਜੁੜੇ ਹਨ ਅਤੇ ਪਾਰਟੀ ਦੀਆਂ ਨੀਤੀਆਂ ਨੂੰ ਘਰ-ਘਰ ਤੱਕ ਪਹੁੰਚਾਉਣ ਲਈ ਪੂਰੀ ਤਨਦੇਹੀ ਨਾਲ ਕੰਮ ਕਰਨਗੇ। ਇਸ ਮੌਕੇ ਚੇਅਰਮੈਨ ਬਲਾਕ ਸੰਮਤੀ ਧੂਰੀ ਰਣਜੋਧ ਸਿੰਘ ਕਾਂਝਲਾ, ਕੁਲਵਿੰਦਰ ਸਿੰਘ ਸਿੱਧੂ ਸਮੇਤ ਆਮ ਆਦਮੀ ਪਾਰਟੀ ਦੇ ਵਲੰਟੀਅਰ ਮੌਜੂਦ ਸਨ।

## ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ. ਵੱਲੋਂ ਜੰਡਿਆਲਾ ਗੁਰੂ ਦੇ ਵਾਰਡਾਂ ਵਿੱਚ ਲੋਕ ਮਿਲਣੀ ਕਰਕੇ ਵੋਟਰਾਂ ਦਾ ਧੰਨਵਾਦ ਕੀਤਾ

### ਜੰਡਿਆਲਾ ਗੁਰੂ ਨੂੰ ਵਿਰਾਸਤੀ ਦਿਖ ਦੇਣ ਦੇ ਨਾਲ ਇਥੋਂ ਦੇ ਵਸਨੀਕਾਂ ਨੂੰ ਬੁਨਿਆਦੀ ਸਹੂਲਤਾਂ ਦੇਣ ਦੇ ਉਪਰਾਲੇ ਕੀਤੇ - ਹਰਭਜਨ ਸਿੰਘ ਈਟੀਓ




**ਜੰਡਿਆਲਾ ਗੁਰੂ, 15 ਜੂਨ ( ਕੁਲਵੰਤ ਸਿੰਘ ਵਿਰਦੀ )**-ਪੰਜਾਬ ਦੇ ਕੈਬਨਿਟ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਨੇ ਅੱਜ ਜੰਡਿਆਲਾ ਗੁਰੂ ਦੇ ਵਾਰਡ ਨੰਬਰ 01, 06 ਅਤੇ 11 ਵਿੱਚ ਲੋਕ ਮਿਲਣੀ ਕਰਕੇ ਇਲਾਕਾ ਵਾਸੀਆਂ ਨਾਲ ਰੂਬਰੂ ਹੋ ਕੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣੀਆਂ ਅਤੇ ਨਾਲ ਹੀ ਨਗਰ ਕੌਂਸਲ ਜੰਡਿਆਲਾ ਗੁਰੂ ਵਿੱਚ ਸ਼ਾਨਦਾਰ ਜਿੱਤ ਲਈ ਸਮੂਹ ਵੋਟਰਾਂ ਦਾ ਧੰਨਵਾਦ ਕੀਤਾ। ਇਸ ਮੌਕੇ ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਨੇ ਕਿਹਾ ਕਿ ਆਮ ਆਦਮੀ ਪਾਰਟੀ ਵੱਲੋਂ ਪਿੰਡਾਂ ਅਤੇ ਸ਼ਹਿਰੀ ਵਾਰਡਾਂ ਵਿੱਚ ਲੋਕ ਮਿਲਣੀ ਪ੍ਰੋਗਰਾਮ ਸ਼ੁਰੂ ਕੀਤਾ ਗਿਆ ਹੈ, ਜਿਸ ਦਾ ਉਦੇਸ਼ ਲੋਕਾਂ ਦੀਆਂ ਮੁਸ਼ਕਲਾਂ ਨੂੰ ਮੌਕੇ 'ਤੇ ਸੁਣ ਕੇ ਉਨ੍ਹਾਂ ਦਾ ਹੱਲ ਯਕੀਨੀ ਬਣਾਉਣਾ ਹੈ। ਉਨ੍ਹਾਂ ਕਿਹਾ ਕਿ ਇਸ ਦੌਰਾਨ ਮਾਨ ਸਰਕਾਰ ਦੀਆਂ ਉਪਲਬਧੀਆਂ ਅਤੇ ਲੋਕ ਭਲਾਈ ਲਈ ਕੀਤੇ ਗਏ ਕੰਮਾਂ ਬਾਰੇ ਵੀ ਜਾਣਕਾਰੀ ਦਿੱਤੀ ਜਾ ਰਹੀ ਹੈ।ਸ. ਹਰਭਜਨ ਸਿੰਘ ਈ.ਟੀ.ਓ. ਨੇ ਨਗਰ ਕੌਂਸਲ ਚੋਣਾਂ ਵਿੱਚ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਨੂੰ ਭਾਰੀ ਸਮਰਥਨ ਦੇਣ ਲਈ ਜੰਡਿਆਲਾ ਗੁਰੂ ਦੇ ਵੋਟਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਨਗਰ ਕੌਂਸਲ ਜੰਡਿਆਲਾ ਗੁਰੂ ਵਿੱਚ ਆਮ ਆਦਮੀ ਪਾਰਟੀ ਦੀ ਜਿੱਤ ਪੂਰੇ ਪੰਜਾਬ ਵਿੱਚੋਂ ਦੂਜੇ ਨੰਬਰ 'ਤੇ ਰਹੀ ਹੈ, ਜੋ ਕਿ ਇਲਾਕੇ ਦੇ ਲੋਕਾਂ ਵੱਲੋਂ ਪਾਰਟੀ ਅਤੇ ਸਰਕਾਰ ਦੀਆਂ ਨੀਤੀਆਂ 'ਤੇ ਪ੍ਰਗਟਾਏ ਵਿਸ਼ਵਾਸ ਦਾ ਪ੍ਰਤੀਕ ਹੈ। ਇਸ ਲਈ ਉਹ ਸਮੂਹ ਵੋਟਰਾਂ ਦੇ ਦਿਲੋਂ ਧੰਨਵਾਦੀ ਹਨ। ਉਹਨਾਂ ਕਿਹਾ ਕਿ ਵਾਰਡ ਨੰਬਰ 01 ਤੋਂ ਸ. ਸਤਿੰਦਰ ਸਿੰਘ ਅਤੇ ਵਾਰਡ ਨੰਬਰ 11 ਤੋਂ ਸ੍ਰੀਮਤੀ ਗੁਰਮੀਤ ਕੌਰ ਪਤਨੀ ਸ੍ਰੀ ਵਿਜੇ ਮੱਟੀ ਨੂੰ ਵੱਡੇ ਫਰਕ ਨਾਲ ਜਿੱਤ ਦਿਵਾਉਣ ਲਈ ਲੋਕ ਵਧਾਈ ਦੇ ਪਾਤਰ ਹਨ ਕੈਬਨਿਟ ਮੰਤਰੀ ਨੇ ਕਿਹਾ ਕਿ ਜਦੋਂ ਤੋਂ ਹਲਕਾ ਵਾਸੀਆਂ ਨੇ ਉਨ੍ਹਾਂ ਨੂੰ ਵਿਧਾਨ ਸਭਾ ਵਿੱਚ ਭੇਜਿਆ ਹੈ, ਉਦੋਂ ਤੋਂ ਹੀ ਉਨ੍ਹਾਂ ਨੇ ਜੰਡਿਆਲਾ ਗੁਰੂ ਦੇ ਸਰਵਪੱਖੀ ਵਿਕਾਸ ਲਈ ਪੂਰੀ ਤਨਦੇਹੀ ਨਾਲ ਕੰਮ ਕੀਤਾ ਹੈ। ਉਨ੍ਹਾਂ ਕਿਹਾ ਕਿ ਵਿਰਾਸਤੀ ਸ਼ਹਿਰ ਦੀ ਦਿੱਖ ਨੂੰ ਨਿਖਾਰਨ ਦੇ ਨਾਲ-ਨਾਲ ਸ਼ਹਿਰ ਵਿੱਚ ਬੁਨਿਆਦੀ ਸਹੂਲਤਾਂ ਦੇ ਵਿਸਥਾਰ ਲਈ ਕਈ ਮਹੱਤਵਪੂਰਨ ਪ੍ਰੋਜੈਕਟ ਸ਼ੁਰੂ ਕੀਤੇ ਗਏ ਹਨ ਉਨ੍ਹਾਂ ਭਰੋਸਾ ਦਿੱਤਾ ਕਿ ਆਉਣ ਵਾਲੇ ਸਮੇਂ ਵਿੱਚ ਵਿਕਾਸ ਕਾਰਜਾਂ ਨੂੰ ਹੋਰ ਤੇਜ਼ੀ ਦਿੱਤੀ ਜਾਵੇਗੀ ਅਤੇ ਜੰਡਿਆਲਾ ਗੁਰੂ ਨੂੰ ਵਿਕਾਸ ਪੱਖੋਂ ਪੰਜਾਬ ਦੇ ਮੋਹਰੀ ਹਲਕਿਆਂ ਵਿੱਚ ਸ਼ਾਮਲ ਕੀਤਾ ਜਾਵੇਗਾ।ਇਸ ਮੌਕੇ ਪਾਰਟੀ ਆਗੂ, ਵਾਰਡ ਵਾਸੀ ਅਤੇ ਹੋਰ ਪਤਵੰਤੇ ਵੀ ਹਾਜ਼ਰ ਸਨ।

ਸ਼ਹੀਦ ਜਥੇਦਾਰ ਭਾਈ ਹਰਦੀਪ ਸਿੰਘ ਨਿੱਝਰ ਦੇ

# ਤੀਸਰੇ ਸ਼ਹੀਦੀ ਦਿਹਾੜੇ ਤੇ ਖਾਲਿਸਤਾਨ ਇਨਸਾਫ਼ ਅਤੇ ਜਵਾਬਦੇਹੀ ਕਾਰ ਰੈਲੀ








**ਸਰੀ/ਵੈਨਕੂਵਰ, 15 ਜੂਨ (ਸਰਬਜੀਤ ਸਿੰਘ ਬਨੂੜ)**- ਸ਼ਹੀਦ ਜਥੇਦਾਰ ਹਰਦੀਪ ਸਿੰਘ ਨਿੱਝਰ ਦੇ ਤੀਸਰੇ ਸ਼ਹੀਦੀ ਦਿਹਾੜੇ ਮੌਕੇ ਅੱਜ ਸੈਂਕੜੇ ਵਾਹਨਾਂ ਦੀ ਸ਼ਮੂਲੀਅਤ ਨਾਲ ਵਿਸ਼ਾਲ "ਖਾਲਿਸਤਾਨ ਇਨਸਾਫ਼ ਅਤੇ ਜਵਾਬਦੇਹੀ " ਕਾਰ ਰੈਲੀ ਕੱਢੀ ਗਈ। ਰੈਲੀ ਰਾਹੀਂ ਸੰਗਤ ਵੱਲੋਂ ਸ਼ਹੀਦ ਨਿੱਝਰ ਨੂੰ ਸ਼ਰਧਾਂਜਲੀ ਭੇਟ ਕਰਨ ਦੇ ਨਾਲ-ਨਾਲ ਉਨ੍ਹਾਂ ਦੇ ਕਤਲ ਮਾਮਲੇ ਵਿੱਚ ਇਨਸਾਫ਼ ਅਤੇ ਜਵਾਬਦੇਹੀ ਦੀ ਮੰਗ ਨੂੰ ਦੁਹਰਾਇਆ ਗਿਆ। ਕਾਰ ਰੈਲੀ ਗੁਰੂ ਨਾਨਕ ਸਿੱਖ ਗੁਰਦੁਆਰਾ ਸਾਹਿਬ ਤੋਂ ਆਰੰਭ ਹੋਈ ਅਤੇ ਸਰੀ ਸਥਿਤ ਲਕਸ਼ਮੀ ਨਾਰਾਇਣ ਮੰਦਰ ਤੋਂ ਹੁੰਦੀ ਹੋਈ ਭਾਰਤੀ ਕੌਂਸਲੇਟ ਵੈਨਕੂਵਰ ਤੱਕ ਪਹੁੰਚੀ। ਰੈਲੀ ਵਿੱਚ ਸ਼ਾਮਲ ਸੰਗਤ ਨੇ ਭਾਈ ਨਿੱਝਰ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਕਿਹਾ ਕਿ ਉਨ੍ਹਾਂ ਦੇ ਕਤਲ ਲਈ ਜ਼ਿੰਮੇਵਾਰ ਵਿਅਕਤੀਆਂ ਨੂੰ ਕਾਨੂੰਨ ਦੇ ਕਟਹਿਰੇ ਵਿੱਚ ਲਿਆਂਦਾ ਜਾਣਾ ਚਾਹੀਦਾ ਹੈ। ਸਮਰਥਕਾਂ ਨੇ ਸ਼ਾਂਤਮਈ ਢੰਗ ਨਾਲ ਆਪਣੀ ਆਵਾਜ਼ ਬੁਲੰਦ ਕਰਦਿਆਂ ਕਿਹਾ ਕਿ ਸਰਹੱਦਾਂ ਪਾਰ ਹੋ ਰਹੇ ਦਮਨ ਅਤੇ ਨਿਸ਼ਾਨਾਬੰਦੀ ਖ਼ਿਲਾਫ਼ ਪ੍ਰਭਾਵਸ਼ਾਲੀ ਕਾਰਵਾਈ ਹੋਣੀ ਚਾਹੀਦੀ ਹੈ। ਰੈਲੀ ਦੌਰਾਨ ਵਾਹਨਾਂ ਉੱਤੇ ਖਾਲਿਸਤਾਨ ਦੇ ਝੰਡੇ ਅਤੇ ਇਨਸਾਫ਼ ਨਾਲ ਸੰਬੰਧਿਤ ਬੈਨਰ ਲਹਿਰਾਏ ਗਏ। ਇਸ ਮੌਕੇ ਸੰਬੋਧਨ ਕਰਦਿਆਂ ਭਾਈ ਨਰਿੰਦਰ ਸਿੰਘ ਰੰਧਾਵਾ ਨੇ ਕਿਹਾ ਕਿ ਸ਼ਹੀਦ ਨਿੱਝਰ ਦੀ ਸ਼ਹਾਦਤ ਨੇ ਖਾਲਿਸਤਾਨ ਰੈਫਰੈਂਡਮ ਅਤੇ ਸਿੱਖ ਕੌਮ ਦੇ ਸਵੈ-ਨਿਰਣੇ ਦੇ ਹੱਕ ਦੀ ਆਵਾਜ਼ ਨੂੰ ਹੋਰ ਮਜ਼ਬੂਤੀ ਬਖ਼ਸ਼ੀ ਹੈ। ਉਨ੍ਹਾਂ ਕਿਹਾ ਕਿ ਕੌਮ ਆਪਣੇ ਸ਼ਹੀਦਾਂ ਦੀਆਂ ਕੁਰਬਾਨੀਆਂ ਨੂੰ ਕਦੇ ਨਹੀਂ ਭੁੱਲੇਗੀ ਅਤੇ ਇਨਸਾਫ਼ ਮਿਲਣ ਤੱਕ ਸੰਘਰਸ਼ ਜਾਰੀ ਰਹੇਗਾ। ਉਨ੍ਹਾਂ ਇਹ ਵੀ ਜਾਣਕਾਰੀ ਦਿੱਤੀ ਕਿ ਖਾਲਿਸਤਾਨ ਰੈਫਰੈਂਡਮ ਲਈ ਅਗਲਾ ਵੋਟਿੰਗ ਕੇਂਦਰ 16 ਅਗਸਤ ਨੂੰ ਇੰਡਿਆਨਾ ਵਿੱਚ ਲਗਾਇਆ ਜਾਵੇਗਾ।

## ਸਰਹੱਦਾਂ ਪਾਰ ਹੋ ਰਹੇ ਦਮਨ ਅਤੇ ਨਿਸ਼ਾਨਾਬੰਦੀ ਖ਼ਿਲਾਫ਼ ਕਾਰਵਾਈ ਦੀ ਮੰਗ- ਗੁਰਮੀਤ ਸਿੰਘ ਤੂਰ

ਰੈਲੀ ਦੇ ਅੰਤ ਵਿੱਚ ਭਾਰਤੀ ਕੌਂਸਲੇਟ ਦੇ ਬਾਹਰ ਇਕੱਠੇ ਹੋਏ ਸਿੱਖਾਂ ਨੇ ਸ਼ਹੀਦ ਜਥੇਦਾਰ ਭਾਈ ਹਰਦੀਪ ਸਿੰਘ ਨਿੱਝਰ ਨੂੰ ਸ਼ਰਧਾਂਜਲੀ ਭੇਟ ਕੀਤੀ ਅਤੇ ਇਨਸਾਫ਼, ਜਵਾਬਦੇਹੀ ਅਤੇ ਆਪਣੇ ਰਾਜਨੀਤਿਕ ਅਧਿਕਾਰਾਂ ਲਈ ਸੰਘਰਸ਼ ਜਾਰੀ ਰੱਖਣ ਦਾ ਸੰਕਲਪ ਦੁਹਰਾਇਆ। ਇਸ ਰੈਲੀ ਵਿੱਚ ਗੁਰਮੀਤ ਸਿੰਘ ਗਿੱਲ, ਗੁਰਮੀਤ ਸਿੰਘ ਤੂਰ, ਨਰਿੰਦਰ ਸਿੰਘ ਰੰਧਾਵਾ, ਅਵਤਾਰ ਸਿੰਘ ਖਹਿਰਾ, ਮਨਜਿੰਦਰ ਸਿੰਘ ਖਾਲਸਾ, ਜੈਗ ਸਿੰਘ, ਰਜਿੰਦਰ ਸਿੰਘ ਨੱਤ, ਦਲਜੀਤ ਸਿੰਘ ਅਤੇ ਰਜਿੰਦਰ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਸੰਗਤ ਨੇ ਸ਼ਮੂਲੀਅਤ ਕੀਤੀ।

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ AWAZE QAUM International Newspaper & WEB TV
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਗੁਰੂ ਕਾਸ਼ੀ ਯੂਨੀਵਰਸਿਟੀ ਨੇ ਸ਼੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ "ਠੰਡੇ-ਮਿੱਠੇ ਪਾਣੀ ਦੀ ਛਬੀਲ" ਲਗਾਈ

## ਪਲਾਸਟਿਕ ਮੁਕਤ ਵਾਤਾਵਰਣ ਸਮੇਂ ਦੀ ਲੋੜ- ਡਾ. ਬਲਰਾਜ ਸਿੰਘ, ਵੀ. ਸੀ



ਤਲਵੰਡੀ ਸਾਬੋ, 15 ਜੂਨ (ਗੁਰਜੰਟ ਸਿੰਘ ਨਥੇਹਾ)- ਸ਼ਹੀਦਾਂ ਨੂੰ ਨਮਨ ਕਰਦੇ ਹੋਏ ਗੁਰੂ ਕਾਸ਼ੀ ਯੂਨੀਵਰਸਿਟੀ ਦੀ ਸਮੂਹ ਪ੍ਰਬੰਧਕ ਕਮੇਟੀ, ਸਟਾਫ਼ ਅਤੇ ਵਿਦਿਆਰਥੀਆਂ ਵੱਲੋਂ ਪੰਜਵੀਂ ਪਾਤਸ਼ਾਹੀ ਸ਼੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਠੰਢੇ-ਮਿੱਠੇ ਪਾਣੀ ਦੀ ਛਬੀਲ ਲਗਾਈ ਗਈ। ਇਸ ਮੌਕੇ ਵਾਈਸ ਚਾਂਸਲਰ ਪ੍ਰੋ. (ਡਾ.) ਬਲਰਾਜ ਸਿੰਘ, ਪਰੋ. ਵਾਈਸ ਚਾਂਸਲਰ ਡਾ. ਜਗਤਾਰ ਸਿੰਘ ਧੀਮਾਨ, ਪਰੋ. ਵਾਈਸ ਚਾਂਸਲਰ ਡਾ. ਪੀਯੂਸ਼ ਵਰਮਾ, ਡਾਇਰੈਕਟਰ ਕੈਂਪਸ ਡਾ. ਹਰਜਸਪਾਲ ਸਿੰਘ ਸਿੱਧੂ, ਡਾਇਰੈਕਟਰ ਵਿਦਿਆਰਥੀ ਭਲਾਈ ਸਰਦੂਲ ਸਿੰਘ ਸਿੱਧੂ, ਡਾਇਰੈਕਟਰ ਸੁਰੱਖਿਆ ਦੇਸ ਰਾਜ ਕੰਬੋਜ, ਵੱਖ-ਵੱਖ ਫੈਕਲਟੀਆਂ ਦੇ ਸਟਾਫ਼ ਅਤੇ ਵਿਦਿਆਰਥੀਆਂ ਨੇ ਗੁਰੂ ਚਰਨਾਂ ਵਿੱਚ ਸਿਜਦਾ ਕਰਦੇ ਹੋਏ, ਛਬੀਲ ਦੀ ਸੇਵਾ ਕੀਤੀ। ਇਸ ਮੌਕੇ ਵਾਈਸ ਚਾਂਸਲਰ ਡਾ. ਸਿੰਘ ਨੇ ਕਿਹਾ ਕਿ ਮਨੁੱਖਤਾ ਦੀ ਸੇਵਾ ਕਰਨਾ ਸਭ ਤੋਂ ਵੱਡਾ ਧਰਮ ਹੈ। ਉਹਨਾਂ ਛਬੀਲ ਮੌਕੇ ਸਟੀਲ ਦੇ ਗਿਲਾਸਾਂ ਵਿੱਚ ਵਰਤਾਏ ਗਏ ਠੰਡੇ-ਮਿੱਠੇ ਪਾਣੀ ਦਾ ਹਵਾਲਾ ਦਿੰਦਿਆ ਕਿਹਾ ਕਿ ਆਯੋਜਕਾਂ ਵੱਲੋਂ ਸਿੰਗਲ ਯੂਜ਼ ਪਲਾਸਟਿਕ ਦੇ ਗਿਲਾਸਾਂ ਤੋਂ ਪਰਹੇਜ਼ ਕਰਦੇ ਹੋਏ, ਸਟੀਲ ਦੇ ਬਰਤਨਾਂ ਵਿੱਚ ਠੰਡਾ-ਮਿੱਠਾ ਜਲ ਵਰਤਾਇਆ ਗਿਆ ਹੈ। ਜੋ ਆਲ਼ੇ-ਦੁਆਲੇ ਨੂੰ ਪਲਾਸਟਿਕ ਮੁਕਤ ਕਰਨ ਦਾ ਸੰਦੇਸ਼ ਦਿੰਦਾ ਹੈ।ਵਿਦਿਆਰਥੀਆਂ ਅਤੇ ਸਟਾਫ਼ ਵੱਲੋਂ ਸਾਫ਼ ਕੀਤੇ ਗਿਲਾਸਾਂ ਨਾਲ, ਸੇਵਾ, ਨਿਮਰਤਾ, ਪਿਆਰ ਅਤੇ ਭਾਈਚਾਰੇ ਦਾ ਸੰਦੇਸ਼ ਸਮੁੱਚੇ ਦੇਸ਼-ਵਾਸੀਆਂ ਨੂੰ ਜਾਂਦਾ ਹੈ। ਉਹਨਾਂ ਇਹ ਵੀ ਕਿਹਾ ਕਿ ਪਲਾਸਟਿਕ ਮੁਕਤ ਵਾਤਾਵਰਣ ਸਮੇਂ ਦੀ ਲੋੜ ਹੈ, ਕਿਉਂਕਿ ਸਿੰਗਲ ਯੂਜ਼ ਪਲਾਸਟਿਕ ਨਾਲ ਸਾਡਾ ਵਾਤਾਵਰਣ ਪਲੀਤ ਹੋ ਰਿਹਾ ਹੈ। ਉਹਨਾਂ ਨੌਜਵਾਨ ਪੀੜ੍ਹੀ ਨੂੰ ਆਲਾ-ਦੁਆਲਾ ਹਰਿਆ-ਭਰਿਆ ਅਤੇ ਪ੍ਰਦੂਸ਼ਣ ਮੁਕਤ ਕਰਨ ਦੀ ਅਪੀਲ ਵੀ ਕੀਤੀ। ਇਸ ਮੌਕੇ ਪਰੋ. ਵਾਈਸ ਚਾਂਸਲਰ ਡਾ. ਧੀਮਾਨ ਨੇ ਗੁਰੂ ਅਰਜਨ ਦੇਵ ਜੀ ਦੀ ਸ਼ਹਾਦਤ ਤੇ ਇਤਿਹਾਸ ਬਾਰੇ ਚਾਨਣਾ ਪਾਇਆ ਅਤੇ ਗੁਰੂਆਂ ਵੱਲੋਂ ਵਿਖਾਏ ਰਸਤੇ ਤੇ ਚੱਲਣ ਲਈ ਪ੍ਰੇਰਿਤ ਕੀਤਾ। ਉਹਨਾਂ ਕਿਹਾ ਕਿ ਸਾਨੂੰ ਹਮੇਸ਼ਾ ਲੋਕ-ਹਿੱਤ ਕਾਰਜ ਕਰਨੇ ਚਾਹੀਦੇ ਹਨ, ਇਸ ਦੇ ਲਈ ਨਿੱਜੀ ਸਵਾਰਥ ਤਿਆਗ ਕੇ ਸਮਾਜ-ਹਿੱਤ ਵਿੱਚ ਭਲਾਈ ਵਾਲੇ ਕੰਮ ਕਰਨ ਦੀ ਲੋੜ ਹੈ। ਛਬੀਲ ਦੀ ਸ਼ੁਰੂਆਤ ਮੌਕੇ ਮੁਖੀ ਧਰਮ ਅਧਿਐਨ ਵਿਭਾਗ ਡਾ. ਗੁਰਜੀਤ ਸਿੰਘ ਖ਼ਾਲਸਾ ਵੱਲੋਂ ਸਭਨਾਂ ਦੇ ਚੜ੍ਹਦੀਕਲਾ ਵਿੱਚ ਰਹਿਣ ਦੀ ਅਰਦਾਸ ਕੀਤੀ ਗਈ। ਉਹਨਾਂ ਦੱਸਿਆ ਕਿ ਗੁਰੂ ਕਾਸ਼ੀ ਯੂਨੀਵਰਸਿਟੀ ਦੀ ਸਮੂਹ ਪ੍ਰਬੰਧਕ ਕਮੇਟੀ, ਸਟਾਫ਼ ਅਤੇ ਵਿਦਿਆਰਥੀ ਹਰ ਸਾਲ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਮੌਕੇ ਠੰਡੇ-ਮਿੱਠੇ ਪਾਣੀ ਦੀ ਛਬੀਲ ਲਾਉਂਦੇ ਹਨ। ਜਿਸ ਦੀ ਯਾਤਰੀਆਂ ਅਤੇ ਗਰਮੀ ਵਿੱਚ ਲੰਘਣ ਵਾਲੇ ਰਾਹੀਆਂ ਵੱਲੋਂ ਭਰਪੂਰ ਸ਼ਲਾਘਾ ਕੀਤੀ ਜਾਂਦੀ ਹੈ। ਉਹਨਾਂ ਕਿਹਾ ਕਿ ਛਬੀਲ ਰਾਹੀਂ ਭਾਈ ਘਨ੍ਹਈਆ ਦਾ ਸੰਦੇਸ਼ ਘਰ-ਘਰ ਪਹੁੰਚਾਇਆ ਜਾਂਦਾ ਹੈ।

# ਵੈਰੋਵਾਲ ਰੋਡ ਤੇ ਇਕ ਘਰ ਦੇ ਬਾਹਰ ਅਣਪਛਾਤੇ ਵਿਅਕਤੀਆ ਵੱਲੋਂ ਚਲਾਈ ਗੋਲੀ ਘਰ ਦਾ ਮੇਨ ਗੇਟ ਬੰਦ ਹੋਣ ਤੇ ਗੇਟ ਤੇ ਵੱਜੀਆਂ ਗੋਲੀਆਂ



**ਜੰਡਿਆਲਾ ਗੁਰੂ 15 ਜੂਨ ( ਕੁਲਵੰਤ ਸਿੰਘ ਵਿਰਦੀ )**-ਪੰਜਾਬ ਵਿੱਚ ਗੋਲੀ ਚੱਲਣ ਦੀਆਂ ਵਾਰਦਾਤਾਂ ਵਿੱਚ ਲਗਾਤਾਰ ਵਾਧਾ ਹੋ ਰਿਹਾ ਹਰ ਰੋਜ ਕਿਸੇ ਨਾ ਕਿਸੇ ਪਿੰਡ ਸਹਿਰ ਵਿੱਚ ਗੋਲੀ ਚੱਲਣ ਦੀ ਖਬਰ ਸੁਣਨ ਨੂੰ ਮਿਲ ਰਹੀ ਹੈ ਜੋ ਬਹੁਤ ਚਿੰਤਾ ਦਾ ਵਿਸ਼ਾ ਹੈ ਜਿਸ ਦੇ ਚੱਲਦਿਆਂ ਬੀਤੀ ਰਾਤ 12 ਵਜੇ ਦੇ ਕਰੀਬ ਵੈਰੋਵਾਲ ਰੋੜ ਜੰਡਿਆਲਾ ਗੁਰੂ ਨਹਿਰੀ ਸੂਏ ਦੇ ਨਜਦੀਕ ਕੁਲਵੰਤ ਸਿੰਘ ਪੁੱਤਰ ਗੋਪਾਲ ਸਿੰਘ ਦੇ ਘਰ ਦੇ ਬਾਹਰ ਮੇਨ ਗੇਟ ਤੇ ਮੋਟਰਸਾਇਕਲ ਸਵਾਰ ਅਣਪਛਾਤੇ ਵਿਅਕਤੀਆਂ ਵੱਲੋਂ 3 ਗੋਲੀਆਂ ਮਾਰੀਆਂ ਗਈਆਂ। ਜਿਸ ਨਾਲ ਸਹਿਰ ਵਿੱਚ ਸਹਿਮ ਦਾ ਮਾਹੌਲ ਬਣਿਆ ਹੋਇਆ ਹੈ ਇਸ ਵਾਰਦਾਤ ਦੀ ਜਾਣਕਾਰੀ ਸਾਂਝੀ ਕਰਦਿਆ ਹੋਇਆ ਕੁਲਵੰਤ ਸਿੰਘ ਤੇ ਪ੍ਰੀਵਾਰ ਨੇ ਦੱਸਿਆ ਕਿ ਗੋਲੀਆਂ ਸਾਡੇ ਗੇਟ ਤੇ ਮਾਰੀਆਂ ਗਈਆਂ ! ਅੱਗੇ ਉਨਾਂ ਕਿਹਾ ਕਿ ਇਸ ਵਾਰਦਾਤ ਚ ਕੋਈ ਜਾਨੀ ਮਾਲੀ ਨੁਕਸਾਨ ਨਹੀਂ ਹੋਇਆ ਅਤੇ ਨਾ ਹੀ ਸਾਡੀ ਕਿਸੇ ਤਰ੍ਹਾਂ ਦੀ ਕੋਈ ਗੱਲਬਾਤ ਹੋਈ ਹੈ ਨਾ ਕੋਈ ਸਾਡੀ ਕਿਸੇ ਨਾਲ ਦੁਸ਼ਮਣੀ ਹੈ ਅਤੇ ਨਾ ਹੀ ਕੋਈ ਫਿਰੌਤੀ ਦੀ ਕਾਲ ਆਈ ਪਤਾ ਨਹੀਂ ਇਹ ਗੋਲੀਆਂ ਕਿਓਂ ਚਲਾਈਆਂ ਗਈਆਂ। ਇਸ ਸੰਬੰਧੀ ਪ੍ਰਸ਼ਾਸਨ ਨੂੰ ਸੂਚਨਾ ਦਿੱਤੀ ਗਈ ਅਤੇ ਪੁਲਿਸ ਪਾਰਟੀ ਵੀ ਮੌਕੇ ਤੇ ਪੁੱਜ ਗਈ ਅਤੇ ਰਾਤ ਹੀ ਸੀਸੀਟੀਵੀ ਕੈਮਰੇ ਖੰਗਾਲੇ ਗਏ ਅਤੇ ਅੱਜ ਫਿਰ ਤੜਕਸਾਰ ਪੁਲਿਸ ਪਾਰਟੀ ਦੇ ਉਚ ਅਧਿਕਾਰੀਆਂ ਵੱਲੋਂ ਪਹੁੰਚ ਕਿ ਇਸ ਮਾਮਲੇ ਦੀ ਬਰੀਕੀ ਨਾਲ ਜਾਂਚ ਕੀਤੀ ਜਾ ਰਹੀ ਹੈ । ਇਸ ਸੰਬੰਧੀ ਡੀ ਐਸ ਪੀ ਬਲਜੀਤ ਸਿੰਘ ਨੇ ਕਿਹਾ ਕਿ ਸਾਡੀਆਂ ਟੀਮਾਂ ਰਾਤ ਦੀਆਂ ਹੀ ਇਸ ਮਾਮਲੇ ਦੀ ਜਾਂਚ ਵਿੱਚ ਲੱਗੀਆਂ ਹੋਈਆਂ ਹਨ ਜਲਦ ਹੀ ਅਪਰਾਧੀ ਫੜੇ ਜਾਣਗੇ।

### ਕੌਮ ਚੜ੍ਹਦੀ ਕਲਾ ਨਾਲ ਸਿਧਾਂਤਕ ਏਕਤਾ ਕਰਕੇ

# ਖਾਲਿਸਤਾਨ ਦੇ ਸੰਘਰਸ਼ ਨੂੰ ਅੱਗੇ ਵਧਾਏ - ਸ਼ਹੀਦ ਭਾਈ ਅਵਤਾਰ ਸਿੰਘ ਖੰਡਾ

**ਨਵੀਂ ਦਿੱਲੀ, 15 ਜੂਨ (ਮਨਪ੍ਰੀਤ ਸਿੰਘ ਖਾਲਸਾ)**- ਸ਼ਹੀਦ ਭਾਈ ਅਵਤਾਰ ਸਿੰਘ ਖੰਡਾ ਦੀ ਪਵਿੱਤਰ ਯਾਦ ਨੂੰ ਸਮਰਪਿਤ ਸਹਿਜ ਪਾਠਾਂ ਦੇ ਭੋਗ ਦੀ ਅਰਦਾਸ ਬੀਤੇ ਦਿਨ ਸਿੰਘ ਸਭਾ ਗੁਰਦੁਆਰਾ ਪਾਰਕ ਐਵੀਨਿਊ ਸਾਊਥਾਲ ਵਿਖੇ ਭਾਈ ਸਰਬਜੀਤ ਸਿੰਘ ਬਾਵਾ ਅਤੇ ਬੀਬੀ ਸਰਬਜੀਤ ਕੌਰ ਵੱਲੋਂ ਕਰਵਾਈ ਗਈ। ਇਸ ਮੌਕੇ ਕੀਰਤਨੀ ਜਥੇ ਵੱਲੋਂ ਰਸਭਿੰਨਾ ਕੀਰਤਨ ਕਰਕੇ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਿਆ ਗਿਆ। ਉਪਰੰਤ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਵਾਈਸ ਪ੍ਰਧਾਨ ਸ. ਹਰਜੀਤ ਸਿੰਘ, ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ (ਯੂ.ਕੇ. ਰਜਿ.) ਦੇ ਮੁੱਖ ਸੇਵਾਦਾਰ ਸਰਬਜੀਤ ਸਿੰਘ ਅਤੇ ਜਨਰਲ ਸਕੱਤਰ ਸਤਿੰਦਰ ਸਿੰਘ ਮੰਗੂਵਾਲ ਨੇ ਸ਼ਹੀਦ ਭਾਈ ਅਵਤਾਰ ਸਿੰਘ ਖੰਡਾ ਦੇ ਜੀਵਨ, ਸੰਘਰਸ਼ ਅਤੇ ਕੌਮ ਪ੍ਰਤੀ ਸਮਰਪਣ ਨੂੰ ਯਾਦ ਕਰਦਿਆਂ ਸ਼ਰਧਾਂਜਲੀ ਭੇਟ ਕੀਤੀ। ਬੁਲਾਰਿਆਂ ਨੇ ਭਾਈ ਖੰਡਾ ਦੇ ਕੌਮ ਦੇ ਨਾਮ ਆਖਰੀ ਸੰਦੇਸ਼ ਨੂੰ ਯਾਦ ਕਰਵਾਇਆ ਕਿ, "ਮੈਂ ਚੜ੍ਹਦੀ ਕਲਾ ਵਿੱਚ ਹਾਂ, ਕੌਮ ਸਿਧਾਂਤਕ ਏਕਤਾ ਕਰਕੇ ਖਾਲਿਸਤਾਨ ਦੇ ਸੰਘਰਸ਼ ਨੂੰ ਜਾਰੀ ਰੱਖੇ।" ਉਨ੍ਹਾਂ ਕਿਹਾ ਕਿ ਭਾਈ ਖੰਡਾ ਨੂੰ ਸੱਚੀ ਸ਼ਰਧਾਂਜਲੀ ਇਹੀ ਹੋਵੇਗੀ ਕਿ ਉਨ੍ਹਾਂ ਦੀ ਪੰਥਕ ਸੋਚ ਅਨੁਸਾਰ ਹਰ ਸਿੱਖ ਆਪਣਾ ਬਣਦਾ ਯੋਗਦਾਨ ਪਾਉਂਦਿਆਂ ਕੌਮੀ ਸੰਘਰਸ਼ ਨੂੰ ਹੋਰ ਮਜ਼ਬੂਤ ਬਣਾਏ। ਇਸ ਮੌਕੇ ਸ਼ਹੀਦ ਭਾਈ ਮੇਜਰ ਸਿੰਘ ਨਾਗੋਕੇ ਦੇ ਸਪੁੱਤਰ ਭਾਈ ਅਜੇਪਾਲ ਸਿੰਘ ਨਾਗੋਕੇ, ਗੁਰਦੁਆਰਾ ਸਿੰਘ ਸਭਾ ਸਾਊਥਾਲ ਦੇ ਪ੍ਰਧਾਨ ਗੁਰਮੇਲ ਸਿੰਘ ਮੱਲੀ, ਜਨਰਲ ਸਕੱਤਰ ਸ਼ਰਨਵੀਰ ਸਿੰਘ, ਸਰਦਾਰ ਕੁਲਵੰਤ ਸਿੰਘ ਭਿੰਡਰ ਸਮੇਤ ਹੋਰ ਪ੍ਰਮੁੱਖ ਆਗੂ ਅਤੇ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ। ਇਥੇ ਵਰਨਣਯੋਗ ਹੈ ਕਿ ਜਦੋਂ ਭਾਈ ਅਵਤਾਰ ਸਿੰਘ ਖੰਡਾ ਯੂਕੇ ਪੁੱਜੇ ਸਨ ਤਾਂ ਭਾਈ ਸਰਬਜੀਤ ਸਿੰਘ ਬਾਵਾ ਅਤੇ ਉਨ੍ਹਾਂ ਦੀ ਸਿੰਘਣੀ ਬੀਬੀ ਸਰਬਜੀਤ ਕੌਰ ਨੇ ਉਨ੍ਹਾਂ ਨੂੰ ਆਪਣੇ ਪੁੱਤਰਾਂ ਵਾਂਗ ਪਿਆਰ ਅਤੇ ਸਹਾਰਾ ਦਿੱਤਾ ਅਤੇ ਓਸਦੇ ਅਖੀਰਲੇ ਸਮੇਂ ਤਕ ਤਨਦੇਹੀ ਨਾਲ ਉਨ੍ਹਾਂ ਦੀ ਸੇਵਾ ਅਤੇ ਮਦਦ ਕੀਤੀ। ਇਸ ਮੌਕੇ ਭਾਈ ਸਰਬਜੀਤ ਸਿੰਘ ਬਾਵਾ ਨੇ ਕਿਹਾ ਕਿ ਸ਼ਹੀਦ ਭਾਈ ਅਵਤਾਰ ਸਿੰਘ ਖੰਡਾ ਦੀ ਸੋਚ ਅਤੇ ਉਨ੍ਹਾਂ ਵੱਲੋਂ ਦਿੱਤਾ ਗਿਆ ਆਖਰੀ ਸੰਦੇਸ਼ ਸਿੱਖ ਨੌਜਵਾਨੀ ਲਈ ਚਾਨਣ-ਮੁਨਾਰਾ ਹੈ। ਉਨ੍ਹਾਂ ਆਖਿਆ ਕਿ ਸ਼ਹੀਦਾਂ ਦੀਆਂ ਕੁਰਬਾਨੀਆਂ ਕਦੇ ਵਿਅਰਥ ਨਹੀਂ ਜਾਂਦੀਆਂ ਅਤੇ ਕੌਮ ਚੜ੍ਹਦੀ ਕਲਾ, ਆਪਸੀ ਏਕਤਾ ਅਤੇ ਗੁਰੂ ਬਖਸ਼ੇ ਸਿਧਾਂਤਾਂ ਦੀ ਰੌਸ਼ਨੀ ਵਿੱਚ ਆਪਣੇ ਕੌਮੀ ਨਿਸ਼ਾਨੇ ਅਤੇ ਖਾਲਿਸਤਾਨ ਦੇ ਸੰਘਰਸ਼ ਨੂੰ ਹੋਰ ਮਜ਼ਬੂਤੀ ਨਾਲ ਅੱਗੇ ਵਧਾਉਂਦੀ ਰਹੇਗੀ। ਉਨ੍ਹਾ ਨੇ ਸਮੂਹ ਪੰਥ ਨੂੰ ਅਪੀਲ ਕੀਤੀ ਕਿ ਸ਼ਹੀਦਾਂ ਦੇ ਸੁਪਨਿਆਂ ਨੂੰ ਸਾਕਾਰ ਕਰਨ ਲਈ ਆਪਸੀ ਮਤਭੇਦਾਂ ਤੋਂ ਉੱਪਰ ਉੱਠ ਕੇ ਇਕਜੁੱਟ ਹੋਣਾ ਸਮੇਂ ਦੀ ਮੁੱਖ ਲੋੜ ਹੈ।

ਆਵਾਜ਼ਿ ਕੌਮ AWAZE QAUM International Newspaper & WEB TV




**ਭਾਈ ਖੰਡੇ ਦੀ ਤੀਜੀ ਬਰਸੀ ਮੌਕੇ ਭਾਈ ਸਰਬਜੀਤ ਸਿੰਘ ਬਾਵਾ ਅਤੇ ਬੀਬੀ ਸਰਬਜੀਤ ਕੌਰ ਵੱਲੋਂ ਯੂਕੇ ਵਿਖੇ ਕਰਵਾਇਆ ਗਿਆ ਅਰਦਾਸ ਸਮਾਗਮ**

### ਸਭਿਆਚਾਰ ਮੰਤਰਾਲਾ ਅਤੇ ਭਾਰਤੀ ਲਲਿਤ ਕਲਾ ਅਕਾਦਮੀ ਦੇ ਸਹਿਯੋਗ ਨਾਲ ਯੰਗ ਮਲੰਗ ਥੀਏਟਰ ਵੈਲਫੇਅਰ ਸੋਸਾਇਟੀ ਵੱਲੋਂ ਪ੍ਰਭਾਵਸ਼ਾਲੀ ਮੰਚਨ

# ਪਰਾਲੀ ਸਾੜਨ ਦੀ ਸਮੱਸਿਆ ਨੂੰ ਮੰਚ 'ਤੇ ਜੀਵੰਤ ਕਰ ਗਿਆ ਪੰਜਾਬੀ ਨਾਟਕ 'ਧੂੰਆਂ'



**ਚੌਕ ਮਹਿਤਾ, 15 ਜੂਨ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਯੰਗ ਮਲੰਗ ਥੀਏਟਰ ਵੈਲਫੇਅਰ ਸੋਸਾਇਟੀ ਦੇ ਸਹਿਯੋਗ ਨਾਲ ਆਰਟ ਗੈਲਰੀ ਵਿੱਚ ਪੰਜਾਬੀ ਨਾਟਕ 'ਧੂੰਆਂ' ਦਾ ਸਫਲ ਅਤੇ ਪ੍ਰਭਾਵਸ਼ਾਲੀ ਮੰਚਨ ਕੀਤਾ ਗਿਆ। ਇਸ ਨਾਟਕ ਦੇ ਆਯੋਜਨ ਵਿੱਚ ਸਭਿਆਚਾਰ ਮੰਤਰਾਲਾ, ਨਵੀਂ ਦਿੱਲੀ ਅਤੇ ਭਾਰਤੀ ਲਲਿਤ ਕਲਾ ਅਕਾਦਮੀ, ਅੰਮ੍ਰਿਤਸਰ ਦਾ ਵਿਸ਼ੇਸ਼ ਯੋਗਦਾਨ ਰਿਹਾ, ਜਿਨ੍ਹਾਂ ਦੇ ਸਹਿਯੋਗ ਨਾਲ ਸਮਾਜਿਕ ਸਰੋਕਾਰਾਂ ਨਾਲ ਜੁੜੇ ਇਸ ਨਾਟਕ ਨੂੰ ਦਰਸ਼ਕਾਂ ਤੱਕ ਪ੍ਰਭਾਵਸ਼ਾਲੀ ਢੰਗ ਨਾਲ ਪਹੁੰਚਾਇਆ ਗਿਆ। ਇਹ ਨਾਟਕ ਮੌਜੂਦਾ ਸਮੇਂ ਦੀ ਇੱਕ ਗੰਭੀਰ ਸਮੱਸਿਆ ਪਰਾਲੀ ਸਾੜਨ ਨਾਲ ਪੈਦਾ ਹੋਣ ਵਾਲੇ ਧੂੰਏਂ ਅਤੇ ਪ੍ਰਦੂਸ਼ਣ 'ਤੇ ਆਧਾਰਿਤ ਸੀ। ਨਾਟਕ ਰਾਹੀਂ ਦਰਸ਼ਕਾਂ ਨੂੰ ਦੱਸਿਆ ਗਿਆ ਕਿ ਪਰਾਲੀ ਤੋਂ ਉੱਠਣ ਵਾਲਾ ਧੂੰਆਂ ਨਾ ਸਿਰਫ਼ ਵਾਤਾਵਰਣ ਨੂੰ ਪ੍ਰਭਾਵਿਤ ਕਰਦਾ ਹੈ, ਸਗੋਂ ਮਨੁੱਖੀ ਸਿਹਤ ਲਈ ਵੀ ਗੰਭੀਰ ਖ਼ਤਰਾ ਬਣਦਾ ਜਾ ਰਿਹਾ ਹੈ। ਇਸ ਕਾਰਨ ਪੈਦਾ ਹੋਣ ਵਾਲੀਆਂ ਸਾਹ ਸੰਬੰਧੀ ਅਤੇ ਹੋਰ ਬਿਮਾਰੀਆਂ ਪ੍ਰਤੀ ਲੋਕਾਂ ਨੂੰ ਜਾਗਰੂਕ ਕੀਤਾ ਗਿਆ। ਨਾਲ ਹੀ ਸਰਕਾਰ ਵੱਲੋਂ ਇਸ ਸਮੱਸਿਆ ਦੇ ਹੱਲ ਲਈ ਬਣਾਈਆਂ ਗਈਆਂ ਯੋਜਨਾਵਾਂ ਅਤੇ ਨੀਤੀਆਂ ਨੂੰ ਵੀ ਸਰਲ ਅਤੇ ਦਿਲਚਸਪ ਢੰਗ ਨਾਲ ਪੇਸ਼ ਕੀਤਾ ਗਿਆ। ਰੀਨਾ ਕੁੰਦਰਾ ਵੱਲੋਂ ਲਿਖੇ ਅਤੇ ਸਾਜਨ ਕਪੂਰ ਵੱਲੋਂ ਨਿਰਦੇਸ਼ਿਤ ਇਸ ਨਾਟਕ ਦੀ ਖ਼ਾਸੀਅਤ ਇਹ ਰਹੀ ਕਿ ਇਸ ਵਿੱਚ ਕਿਸੇ ਵੀ ਪੱਖ ਨੂੰ ਦੋਸ਼ੀ ਨਹੀਂ ਠਹਿਰਾਇਆ ਗਿਆ। ਕਿਸਾਨਾਂ ਦੀਆਂ ਮਜਬੂਰੀਆਂ ਅਤੇ ਸਰਕਾਰੀ ਨੀਤੀਆਂ ਵਿਚਕਾਰ ਮੌਜੂਦ ਸੰਚਾਰ ਦੀ ਕਮੀ ਅਤੇ ਜਾਣਕਾਰੀ ਦੇ ਅਭਾਵ ਨੂੰ ਬਹੁਤ ਹੀ ਸੰਵੇਦਨਸ਼ੀਲ, ਮਨੋਰੰਜਕ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਦਰਸਾਇਆ ਗਿਆ। ਸਮਾਜਿਕ ਸੰਦੇਸ਼ ਨਾਲ ਭਰਪੂਰ ਇਸ ਪੇਸ਼ਕਾਰੀ ਨੇ ਦਰਸ਼ਕਾਂ ਨੂੰ ਗੰਭੀਰਤਾ ਨਾਲ ਸੋਚਣ ਲਈ ਮਜਬੂਰ ਕਰ ਦਿੱਤਾ। ਨਾਟਕ ਵਿੱਚ ਸੈਂਡੀ ਛੱਠਾ, ਕਰਨਬੀਰ ਸਿੰਘ, ਗੁਰਪ੍ਰੀਤ ਢਿੱਲੋਂ, ਮੋਨਿਕਾ, ਮਾਲਿਕਾ, ਨੀਰਾ ਗਰਗ, ਜਸਮੀਤ ਨੈਅਰ, ਇੰਦੂ ਅਰੋੜਾ, ਸੋਨੀਆ, ਸ਼ਿਵਾਨੀ ਆਹੂਜਾ, ਨੀਰੂ ਗੁਪਤਾ, ਚੇਤਨਾ ਅਤੇ ਸ਼ਿਵਾਨੀ ਖੁਰਾਣਾ ਨੇ ਆਪਣੀ ਸ਼ਾਨਦਾਰ ਅਦਾਕਾਰੀ ਦਾ ਪ੍ਰਦਰਸ਼ਨ ਕੀਤਾ। ਸਾਰੇ ਕਲਾਕਾਰਾਂ ਨੇ ਆਪਣੇ ਜੀਵੰਤ ਅਭਿਨੈ ਨਾਲ ਦਰਸ਼ਕਾਂ ਦਾ ਦਿਲ ਜਿੱਤ ਲਿਆ। ਨਾਟਕ ਦੀ ਕੋਰੀਓਗ੍ਰਾਫੀ ਸਨਪ੍ਰੀਤ ਵੱਲੋਂ ਕੀਤੀ ਗਈ, ਜਦਕਿ ਸੰਗੀਤ ਹਰਿੰਦਰ ਸੋਹਲ ਵੱਲੋਂ ਤਿਆਰ ਕੀਤਾ ਗਿਆ, ਜਿਸ ਨੇ ਨਾਟਕ ਦੇ ਭਾਵਾਂ ਨੂੰ ਹੋਰ ਵੀ ਪ੍ਰਭਾਵਸ਼ਾਲੀ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾਈ। ਇਸ ਪੇਸ਼ਕਾਰੀ ਨੂੰ ਸਫਲ ਬਣਾਉਣ ਵਿੱਚ ਪ੍ਰੋਡਕਸ਼ਨ ਟੀਮ ਦਾ ਵੀ ਮਹੱਤਵਪੂਰਨ ਯੋਗਦਾਨ ਰਿਹਾ, ਜਿਸ ਵਿੱਚ ਦੀਪਾ ਸਵਾਨੀ, ਦੀਪਿਕਾ ਭੱਲਾ, ਸੀਮਾ ਮਹੇਸ਼ਵਰੀ, ਟੀਨਾ ਅਗਰਵਾਲ, ਤਰੂ ਪੇਸ਼ਾਵਰੀਆ ਅਤੇ ਰੂਬੀ ਸਵਾਨੀ ਸ਼ਾਮਲ ਸਨ। ਉਨ੍ਹਾਂ ਦੀ ਮਿਹਨਤ ਅਤੇ ਸਮਰਪਣ ਨੇ ਇਸ ਨਾਟਕ ਨੂੰ ਇੱਕ ਯਾਦਗਾਰ ਅਤੇ ਸਫਲ ਮੰਚਨ ਦਾ ਰੂਪ ਦਿੱਤਾ। ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਖਾਲਸਾ ਯੂਨੀਵਰਸਿਟੀ ਦੇ ਪ੍ਰੋ ਵਾਈਸ-ਚਾਂਸਲਰ ਰਾਜਿੰਦਰ ਮੋਹਨ ਸਿੰਘ ਛੀਨਾ ਨੇ ਸ਼ਿਰਕਤ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV

# ਸਮਾਜ ਸੇਵੀ ਗੁਰਦੀਪ ਸਿੰਘ ਤੂਰ ਲੇਲੇਵਾਲਾ ਵੱਲੋਂ ਲੋੜਵੰਦ ਪਰਿਵਾਰਾਂ ਨੂੰ ਪੀਣਯੋਗ ਪਾਣੀ ਦੀ ਸੇਵਾ ਜਾਰੀ



**ਤਲਵੰਡੀ ਸਾਬੋ, 15 ਜੂਨ (ਗੁਰਜੰਟ ਸਿੰਘ ਨਥੇਹਾ)**- ਸਮਾਜ ਸੇਵੀ ਅਤੇ ਆਮ ਆਦਮੀ ਪਾਰਟੀ ਦੇ ਮੁੱਖ ਬੁਲਾਰੇ ਵਜੋਂ ਜਾਣੇ ਜਾਂਦੇ ਗੁਰਦੀਪ ਸਿੰਘ ਤੂਰ ਲੇਲੇਵਾਲਾ ਵੱਲੋਂ ਪਿੰਡ ਲੇਲੇਵਾਲਾ ਅਤੇ ਸ਼ੇਖਪੁਰਾ ਦੇ ਲੋੜਵੰਦ ਪਰਿਵਾਰਾਂ ਨੂੰ ਪੀਣਯੋਗ ਪਾਣੀ ਮੁਹੱਈਆ ਕਰਵਾਉਣ ਦੀ ਸੇਵਾ ਨਿਰੰਤਰ ਜਾਰੀ ਰੱਖੀ ਹੋਈ ਹੈ। ਇਲਾਕੇ ਵਿੱਚ ਪੀਣ ਵਾਲੇ ਸਾਫ਼ ਪਾਣੀ ਦੀ ਸਮੱਸਿਆ ਨੂੰ ਦੇਖਦਿਆਂ ਉਹ ਆਪਣੇ ਨਿੱਜੀ ਯਤਨਾਂ ਨਾਲ ਪਾਣੀ ਦੀ ਸਪਲਾਈ ਕਰਵਾ ਰਹੇ ਹਨ, ਜਿਸ ਦੀ ਪਿੰਡ ਵਾਸੀਆਂ ਵੱਲੋਂ ਭਰਪੂਰ ਸ਼ਲਾਘਾ ਕੀਤੀ ਜਾ ਰਹੀ ਹੈ। ਗੁਰਦੀਪ ਸਿੰਘ ਤੂਰ ਨੇ ਕਿਹਾ ਕਿ ਪੀਣਯੋਗ ਪਾਣੀ ਹਰ ਵਿਅਕਤੀ ਦਾ ਬੁਨਿਆਦੀ ਹੱਕ ਹੈ ਅਤੇ ਜਦੋਂ ਤੱਕ ਸਰਕਾਰ ਵੱਲੋਂ ਇਨ੍ਹਾਂ ਪਿੰਡਾਂ ਵਿੱਚ ਪਾਣੀ ਦੀ ਸਥਾਈ ਅਤੇ ਯੋਗ ਵਿਵਸਥਾ ਨਹੀਂ ਕੀਤੀ ਜਾਂਦੀ, ਉਦੋਂ ਤੱਕ ਉਹ ਇਹ ਸੇਵਾ ਜਾਰੀ ਰੱਖਣਗੇ। ਉਨ੍ਹਾਂ ਕਿਹਾ ਕਿ ਗਰਮੀ ਦੇ ਮੌਸਮ ਦੌਰਾਨ ਲੋਕਾਂ ਨੂੰ ਸਾਫ਼ ਪਾਣੀ ਦੀ ਕਮੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ, ਜਿਸ ਕਾਰਨ ਇਹ ਉਪਰਾਲਾ ਲੋਕ ਭਲਾਈ ਲਈ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਪਿੰਡ ਸ਼ੇਖਪੁਰਾ ਅਤੇ ਲੇਲੇਵਾਲਾ ਦੇ ਕਈ ਪਰਿਵਾਰ ਪੀਣ ਵਾਲੇ ਸਾਫ਼ ਪਾਣੀ ਦੀ ਸਮੱਸਿਆ ਨਾਲ ਜੂਝ ਰਹੇ ਹਨ। ਇਸ ਲਈ ਸਮਾਜਿਕ ਫ਼ਰਜ਼ ਸਮਝਦਿਆਂ ਉਨ੍ਹਾਂ ਵੱਲੋਂ ਪਾਣੀ ਵਾਲੇ ਟੈਂਕਰਾਂ ਰਾਹੀਂ ਲੋੜਵੰਦ ਪਰਿਵਾਰਾਂ ਤੱਕ ਪੀਣਯੋਗ ਪਾਣੀ ਪਹੁੰਚਾਇਆ ਜਾ ਰਿਹਾ ਹੈ। ਇਸ ਮੌਕੇ ਗੁਰਦੀਪ ਸਿੰਘ ਤੂਰ ਨੇ ਤਲਵੰਡੀ ਸਾਬੋ ਹਲਕੇ ਦੀ ਵਿਧਾਇਕਾ ਅਤੇ ਕੈਬਨਿਟ ਰੈਂਕ ਮੰਤਰੀ ਪ੍ਰੋ. ਬਲਜਿੰਦਰ ਕੌਰ ਨੂੰ ਅਪੀਲ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਵੱਡੇ ਪੱਧਰ 'ਤੇ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ, ਪਰ ਇਨ੍ਹਾਂ ਪਿੰਡਾਂ ਵਿੱਚ ਪੀਣਯੋਗ ਪਾਣੀ ਦੀ ਸਮੱਸਿਆ ਨੂੰ ਵੀ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾਣਾ ਚਾਹੀਦਾ ਹੈ। ਉਨ੍ਹਾਂ ਮੰਗ ਕੀਤੀ ਕਿ ਸ਼ੇਖਪੁਰਾ ਅਤੇ ਲੇਲੇਵਾਲਾ ਵਿੱਚ ਵਾਟਰ ਸਪਲਾਈ ਦੀ ਮਜ਼ਬੂਤ ਅਤੇ ਸਥਾਈ ਵਿਵਸਥਾ ਕਰਵਾਈ ਜਾਵੇ ਤਾਂ ਜੋ ਲੋਕਾਂ ਨੂੰ ਰੋਜ਼ਾਨਾ ਦੀ ਇਸ ਮੁੱਢਲੀ ਲੋੜ ਲਈ ਮੁਸ਼ਕਲਾਂ ਦਾ ਸਾਹਮਣਾ ਨਾ ਕਰਨਾ ਪਵੇ। ਪਿੰਡ ਵਾਸੀਆਂ ਨੇ ਵੀ ਸਰਕਾਰ ਤੋਂ ਮੰਗ ਕੀਤੀ ਕਿ ਇਲਾਕੇ ਦੀ ਪਾਣੀ ਦੀ ਸਮੱਸਿਆ ਦਾ ਜਲਦ ਹੱਲ ਕੀਤਾ ਜਾਵੇ ਅਤੇ ਗੁਰਦੀਪ ਸਿੰਘ ਤੂਰ ਵੱਲੋਂ ਕੀਤੀ ਜਾ ਰਹੀ ਇਸ ਮਨੁੱਖਤਾ ਭਰੀ ਸੇਵਾ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਅਜਿਹੇ ਉਪਰਾਲੇ ਸਮਾਜ ਲਈ ਪ੍ਰੇਰਣਾਦਾਇਕ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

# ਪੁਲਿਸ ਚੌਂਕੀ ਟਾਂਗਰਾ ਦੇ ਨਵਨਿਯੁਕਤ ਏਐਸਆਈ ਨਰਿੰਦਰ ਪਾਲ ਸਿੰਘ ਨੇ ਚਾਰਜ ਸੰਭਾਲਿਆ

## ਲੁੱਟਾਂ ਖੋਹਾਂ ਨਸ਼ਿਆ ਅਪਰਾਧਿਕ ਘਟਨਾਵਾਂ ਨੂੰ ਅੰਜਾਮ ਦੇਣ ਵਾਲਿਆਂ ਨਾਲ ਬਖਸ਼ਿਆ ਨਹੀਂ ਜਾਵੇਗਾ-ਏਐਸਆਈ ਨਰਿੰਦਰ ਪਾਲ ਸਿੰਘ



**ਜੰਡਿਆਲਾ ਗੁਰੂ 15 ਜੂਨ ( ਕੁਲਵੰਤ ਸਿੰਘ ਵਿਰਦੀ )**-ਪੰਜਾਬ ਸਰਕਾਰ ਦੀਆਂ ਹਦਾਇਤਾਂ ਤੇ ਪੁਲਿਸ ਦੇ ਉੱਚ ਅਧਿਕਾਰੀਆਂ ਦੇ ਦਿਸ਼ਾ ਨਿਰਦੇਸ਼ਾਂ ਤੇ ਨਸ਼ਿਆਂ ਤੇ ਕਾਰੋਬਾਰ ਕਰਨ ਵਾਲਿਆਂ ਲੁੱਟਾ ਖੋਹਾਂ ਦੀਆਂ ਵਾਰਦਾਤਾਂ ਅਤੇ ਅਪਰਾਧਿਕ ਘਟਨਾਵਾਂ ਨੂੰ ਅੰਜਾਮ ਦੇਣ ਵਾਲਿਆਂ ਨਾਲ ਸਖਤੀ ਨਾਲ ਨਜਿੱਠਿਆ ਜਾਵੇਗਾ ਉਪਰੋਕਤ ਵਿਚਾਰਾਂ ਦਾ ਪ੍ਰਗਟਾਵਾ ਏਐਸਆਈ ਨਰਿੰਦਰ ਪਾਲ ਸਿੰਘ ਨੇ ਪੁਲਿਸ ਚੌਂਕੀ ਟਾਂਗਰਾ ਦਾ ਚਾਰਜ ਸੰਭਾਲਣ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਹੋਇਆ ਅੱਗੇ ਕਿਹਾ ਕਿ ਇਲਾਕਾ ਨਿਵਾਸੀ ਵੱਲੋਂ ਪੁਲਿਸ ਨੂੰ ਹਰ ਸਮੇਂ ਮੌਕੇ ਤੇ ਸੱਚੀ ਇਤਲਾਹ ਦਿੱਤੀ ਜਾਵੇ ਹਰ ਇੱਕ ਨੂੰ ਇਨਸਾਫ ਮਿਲੇਗਾ ਕਿਸੇ ਨੂੰ ਵੀ ਕੋਈ ਮੁਸ਼ਿਕਲ ਹੋਵੇ ਤਾਂ ਉਹ ਮੇਰੇ ਫੋਨ ਤੇ ਸੰਪਰਕ ਕਰ ਸਕਦਾ ਹੈ ਜਾਂ ਬਿਨਾਂ ਕਿਸੇ ਝਿਜਕ ਤੇ ਚੌਂਕੀ ਦੇ ਦਫਤਰ ਵਿੱਚ ਆ ਕੇ ਮਿਲ ਸਕਦਾ ਹੈ ਪੁਲਿਸ ਨੂੰ ਹਮੇਸ਼ਾ ਲੋਕਾਂ ਦੇ ਸਹਿਯੋਗ ਦੀ ਬਹੁਤ ਜਿਆਦਾ ਜਰੂਰਤ ਹੈ ਅਤੇ ਭੈੜੇ ਅਨਸਰਾਂ ਨੂੰ ਤਾੜਨਾ ਕੀਤੀ ਜਾਂਦੀ ਹੈ ਕਿ ਭੈੜੇ ਕੰਮਾਂ ਨੂੰ ਛੱਡ ਕਿ ਚੰਗੇ ਕੰਮਾਂ ਨੂੰ ਪਹਿਲ ਦੇ ਕਿ ਆਪਣੇ ਮਾਂ ਬਾਪ ਦੀ ਸੇਵਾ ਕਰੋ !

ਆਵਾਜ਼ਿ ਕੌਮ AWAZE QAUM International Newspaper & WEB TV

# ਜੀ ਟੀ ਯੂ ਨੇ ਪ੍ਰਾਇਮਰੀ ਵਿੱਚ ਜਲਦ ਪ੍ਰਮੋਸ਼ਨਾਂ ਕਰਨ ਦੀ ਕੀਤੀ ਮੰਗ

**ਹੁਸ਼ਿਆਰਪੁਰ, 15 ਜੂਨ (ਆਵਾਜ਼ਿ ਕੌਮ ਬਿਊਰੋ)**-ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਜ਼ਿਲ੍ਹਾ ਹੁਸ਼ਿਆਰਪੁਰ ਦਾ ਇੱਕ ਵਫ਼ਦ ਜ਼ਿਲ੍ਹਾ ਪ੍ਰਧਾਨ ਪ੍ਰਿਤਪਾਲ ਸਿੰਘ ਚੌਟਾਲਾ ਅਤੇ ਜ਼ਿਲ੍ਹਾ ਜਨਰਲ ਸਕੱਤਰ ਜਸਵੀਰ ਤਲਵਾੜਾ ਦੀ ਅਗਵਾਈ ਵਿੱਚ ਜ਼ਿਲ੍ਹਾ ਸਿੱਖਿਆ ਅਫ਼ਸਰ (ਸ.ਸਿ.) ਮੈਡਮ ਹਰਜਿੰਦਰ ਕੌਰ ਨੂੰ ਅਧਿਆਪਕ ਮੰਗਾਂ ਦੇ ਸੰਬੰਧ ਵਿੱਚ ਮਿਲਿਆ। ਇਸ ਮੌਕੇ ਵਫ਼ਦ ਨੇ ਪ੍ਰਾਇਮਰੀ ਵਿਭਾਗ ਵਿੱਚ ਲੰਮੇ ਸਮੇਂ ਤੋਂ ਲਟਕ ਰਹੀਆਂ ਈ. ਟੀ. ਟੀ. ਤੋਂ ਐੱਚ. ਟੀ. ਅਤੇ ਐੱਚ. ਟੀ. ਤੋਂ ਸੀ. ਐੱਚ. ਟੀ. ਪ੍ਰਮੋਸ਼ਨਾਂ ਜਲਦ ਕਰਨ ਦੀ ਮੰਗ ਕੀਤੀ। ਜਿਸ ਤੇ ਡੀ. ਈ. ਓ. ਮੈਡਮ ਹਰਜਿੰਦਰ ਕੌਰ ਜਿਨ੍ਹਾਂ ਕੋਲ਼ ਜ਼ਿਲ੍ਹਾ ਸਿੱਖਿਆ ਅਫ਼ਸਰ (ਐ. ਸਿ.) ਦਾ ਵਾਧੂ ਚਾਰਜ ਵੀ ਹੈ ਨੇ ਮੌਕੇ ਤੇ ਹੀ ਆਪਣੇ ਦਫ਼ਤਰੀ ਅਮਲੇ ਨੂੰ ਇਸ ਕੰਮ ਨੂੰ ਜਲਦ ਨੇਪਰੇ ਚਾੜਨ ਦੀ ਹਦਾਇਤ ਕੀਤੀ ਅਤੇ ਯੂਨੀਅਨ ਨੂੰ ਵਿਸ਼ਵਾਸ ਦੁਆਇਆ ਕਿ ਇਹਨਾਂ ਪ੍ਰਮੋਸ਼ਨਾਂ ਨੂੰ ਜਲਦ ਅਤੇ ਪਹਿਲ ਤੇ ਕੀਤਾ ਜਾਵੇਗਾ। ਯੂਨੀਅਨ ਦੇ ਵਫ਼ਦ ਨੇ ਜ਼ਿਲ੍ਹਾ ਸਿੱਖਿਆ ਅਫ਼ਸਰ ਨਾਲ਼ ਅਧਿਆਪਕ ਸਮੱਸਿਆਵਾਂ ਬਾਰੇ ਵਿਸਥਾਰ ਨਾਲ਼ ਵਿਚਾਰ -ਚਰਚਾ ਕੀਤੀ। ਜਿਸ ਤੇ ਡੀ. ਈ. ਓ. ਮੈਡਮ ਨੇ ਕਿਹਾ ਕਿ ਅਧਿਆਪਕ ਆਪਣੀਆਂ ਜਾਇਜ਼ ਸਮੱਸਿਆਵਾਂ ਲੈ ਕੇ ਉਹਨਾਂ ਨੂੰ ਦਫ਼ਤਰ ਆ ਕੇ ਮਿਲ ਸਕਦੇ ਹਨ ਅਤੇ ਉਹਨਾਂ ਦੀ ਕੋਸ਼ਿਸ਼ ਰਹੇਗੀ ਕਿ ਜ਼ਿਲ੍ਹੇ ਦੇ ਅਧਿਆਪਕ ਵਰਗ ਦੀ ਹਰ ਮੁਸ਼ਕਲ ਦਾ ਹੱਲ ਉਹਨਾਂ ਦੇ ਦਫ਼ਤਰ ਵੱਲੋਂ ਪਹਿਲ ਤੇ ਕੀਤਾ ਜਾਵੇ। ਇਸ ਮੌਕੇ ਉੱਪ -ਜ਼ਿਲ੍ਹਾ ਸਿੱਖਿਆ ਅਫ਼ਸਰ (ਐ. ਸਿ.) ਅਮਨਦੀਪ ਸ਼ਰਮਾ ਵੀ ਹਾਜ਼ਰ ਸਨ। ਯੂਨੀਅਨ ਦੇ ਵਫ਼ਦ ਵਿੱਚ ਅਧਿਆਪਕ ਆਗੂ ਸੁਨੀਲ ਸ਼ਰਮਾ, ਪ.ਸ.ਸ.ਫ਼.ਦੇ ਸੂਬਾ ਪ੍ਰਧਾਨ ਸਤੀਸ਼ ਰਾਣਾ, ਵਰਿੰਦਰ ਵਿੱਕੀ ਲੈਕਚਰਾਰ ਅਮਰ ਸਿੰਘ, ਸੰਜੀਵ ਧੂਤ, ਸਰਬਜੀਤ ਸਿੰਘ ਕੰਗ, ਵਿਕਾਸ ਸ਼ਰਮਾ ਨਸਰਾਲਾ, ਜਸਵਿੰਦਰ ਸਿੰਘ, ਦਵਿੰਦਰ ਸਿੰਘ, ਅਜੇ ਕੁਮਾਰ, ਸੰਦੀਪ ਕੁਮਾਰ, ਹਰੀਸ਼ ਪੁਰੀ, ਉੱਕਾਰ ਤਨੂੰਲੀ ਸਹਿਤ ਵੱਡੀ ਗਿਣਤੀ ਵਿੱਚ ਅਧਿਆਪਕ ਸਾਥੀ ਹਾਜ਼ਰ ਹੋਏ।

### ਓਐਸਡੀ ਸੁਖਵੀਰ ਸਿੰਘ ਦੀ ਮੌਜੂਦਗੀ 'ਚ

# ਵੱਡੀ ਗਿਣਤੀ ਲੋਕ ਆਮ ਆਦਮੀ ਪਾਰਟੀ 'ਚ ਹੋਏ ਸ਼ਾਮਲ



**ਧੂਰੀ ( ਰਣਜੀਤ ਸਿੰਘ ਪੇਧਨੀ )**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਓਐਸਡੀ ਸੁਖਵੀਰ ਸਿੰਘ ਦੀ ਮੌਜੂਦਗੀ ਵਿੱਚ ਅੱਜ ਆਮ ਆਦਮੀ ਪਾਰਟੀ ਨੂੰ ਉਸ ਵੇਲੇ ਹੋਰ ਮਜ਼ਬੂਤੀ ਮਿਲੀ ਜਦੋਂ ਪਾਰਟੀ ਦੇ ਪੁਰਾਣੇ ਵਲੰਟੀਅਰ ਭੁਲਿੰਦਰ ਕਲੇਰਾਂ ਨੇ ਆਪਣੇ ਸਾਥੀਆਂ ਸਮੇਤ ਭਾਰਤੀ ਜਨਤਾ ਪਾਰਟੀ (ਬੀਜੇਪੀ) ਨੂੰ ਅਲਵਿਦਾ ਕਹਿ ਕੇ ਮੁੜ ਆਮ ਆਦਮੀ ਪਾਰਟੀ ਵਿੱਚ ਸ਼ਮੂਲੀਅਤ ਕੀਤੀ। ਇਸ ਮੌਕੇ ਓਐਸਡੀ ਸੁਖਵੀਰ ਸਿੰਘ ਨੇ ਭੁਲਿੰਦਰ ਕਲੇਰਾਂ ਅਤੇ ਉਨ੍ਹਾਂ ਦੇ ਸਾਥੀਆਂ ਦਾ ਪਾਰਟੀ ਵਿੱਚ ਨਿੱਘਾ ਸਵਾਗਤ ਕਰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਆਪਣੇ ਹਰ ਵਰਕਰ ਅਤੇ ਵਲੰਟੀਅਰ ਨੂੰ ਪੂਰਾ ਮਾਣ-ਸਤਿਕਾਰ ਦਿੰਦੀ ਹੈ। ਉਨ੍ਹਾਂ ਕਿਹਾ ਕਿ ਪਾਰਟੀ ਦੀ ਲੋਕਪੱਖੀ ਸੋਚ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਹੋ ਰਹੇ ਵਿਕਾਸ ਕਾਰਜਾਂ ਤੋਂ ਪ੍ਰਭਾਵਿਤ ਹੋ ਕੇ ਵੱਡੀ ਗਿਣਤੀ ਵਿੱਚ ਲੋਕ ਪਾਰਟੀ ਨਾਲ ਜੁੜ ਰਹੇ ਹਨ। ਭੁਲਿੰਦਰ ਕਲੇਰਾਂ ਨੇ ਕਿਹਾ ਕਿ ਉਹ ਮੁੜ ਆਮ ਆਦਮੀ ਪਾਰਟੀ ਦੇ ਪਰਿਵਾਰ ਦਾ ਹਿੱਸਾ ਬਣ ਕੇ ਖੁਸ਼ ਹਨ ਅਤੇ ਪਾਰਟੀ ਦੀਆਂ ਨੀਤੀਆਂ ਅਤੇ ਪੰਜਾਬ ਦੇ ਵਿਕਾਸ ਲਈ ਪੂਰੀ ਤਨਦੇਹੀ ਨਾਲ ਕੰਮ ਕਰਨਗੇ। ਇਸ ਮੌਕੇ ਚੇਅਰਮੈਨ ਚਰਨਾਂ ਖੇੜੀਆਪ ਆਗੂ ਗਗਨ ਜਵੰਧਾ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

**ਆਮ ਆਦਮੀ ਪਾਰਟੀ ਵੱਲੋਂ ਆਪਣੇ ਹਰ ਵਲੰਟੀਅਰ ਨੂੰ ਦਿੱਤਾ ਜਾਂਦਾ ਮਾਣ-ਸਤਿਕਾਰ: ਓਐਸਡੀ ਸੁਖਵੀਰ ਸਿੰਘ**

### ਪਿੰਡ ਨਰੈਣਗੜ੍ਹ ਵਿਖੇ ਸ੍ਰੀ ਰਵਿਦਾਸ ਧਰਮਸ਼ਾਲਾ ਨੂੰ 4 ਲੱਖ ਰੁਪਏ ਅਤੇ ਸ੍ਰੀ ਵਾਲਮੀਕਿ ਧਰਮਸ਼ਾਲਾ ਨੂੰ

# 4 ਲੱਖ ਰੁਪਏ ਦੀ ਗ੍ਰਾਂਟ ਜਾਰੀ ਕਰਕੇ ਕੰਮਾਂ ਦੀ ਸ਼ੁਰੂਆਤ



**ਭਵਾਨੀਗੜ੍ਹ ( ਰਣਜੀਤ ਸਿੰਘ ਪੇਧਨੀ )**-ਮੁੱਖ ਮੰਤਰੀ ਸ੍ਰ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਪੰਜਾਬ ਸਰਕਾਰ ਵੱਲੋਂ ਲੋਕਾਂ ਨਾਲ ਸਿੱਧਾ ਸੰਪਰਕ ਬਣਾਉਣ ਅਤੇ ਉਨ੍ਹਾਂ ਦੀਆਂ ਮੁਸ਼ਕਲਾਂ ਦਾ ਤੁਰੰਤ ਨਿਪਟਾਰਾ ਕਰਨ ਲਈ ਚਲਾਈ ਜਾ ਰਹੀ ਲੋਕ ਮਿਲਣੀ ਮੁਹਿੰਮ ਤਹਿਤ ਅੱਜ ਵਿਧਾਇਕ ਨਰਿੰਦਰ ਕੌਰ ਭਰਾਜ ਨੇ ਆਪਣੇ ਹਲਕੇ ਦੇ ਪਿੰਡ ਮੱਟਰਾਂ ਅਤੇ ਨਰੈਣਗੜ੍ਹ ਦਾ ਦੌਰਾ ਕਰਕੇ ਵਿਕਾਸ ਕਾਰਜਾਂ ਦੀ ਸ਼ੁਰੂਆਤ ਕਰਵਾਈ। ਵਿਧਾਇਕ ਨਰਿੰਦਰ ਕੌਰ ਭਰਾਜ ਨੇ ਪਿੰਡ ਮੱਟਰਾਂ ਵਿਖੇ 65.64 ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲੀ ਇੰਟਰਲਾਕਿੰਗ ਸੜਕ ਦਾ ਨੀਂਹ ਪੱਥਰ ਰੱਖਿਆ ਅਤੇ 30 ਲੱਖ ਰੁਪਏ ਦੀ ਲਾਗਤ ਨਾਲ ਵਿਛਾਈ ਜਾਣ ਵਾਲੀ ਸੀਵਰੇਜ ਪਾਈਪ ਲਾਈਨ ਦੇ ਕੰਮ ਦੀ ਵੀ ਸ਼ੁਰੂਆਤ ਕਰਵਾਈ। ਉਨ੍ਹਾਂ ਕਿਹਾ ਕਿ ਇਨ੍ਹਾਂ ਵਿਕਾਸ ਕਾਰਜਾਂ ਨਾਲ ਪਿੰਡ ਦੇ ਬੁਨਿਆਦੀ ਢਾਂਚੇ ਨੂੰ ਹੋਰ ਮਜ਼ਬੂਤੀ ਮਿਲੇਗੀ ਅਤੇ ਲੋਕਾਂ ਨੂੰ ਵਧੀਆ ਸਹੂਲਤਾਂ ਪ੍ਰਦਾਨ ਹੋਣਗੀਆਂ। ਪਿੰਡ ਨਰੈਣਗੜ੍ਹ ਵਿਖੇ ਹਲਕਾ ਵਿਧਾਇਕ ਨੇ ਸ੍ਰੀ ਰਵਿਦਾਸ ਧਰਮਸ਼ਾਲਾ ਨੂੰ 04 ਲੱਖ ਰੁਪਏ ਅਤੇ ਸ੍ਰੀ ਵਾਲਮੀਕਿ ਧਰਮਸ਼ਾਲਾ ਨੂੰ 04 ਲੱਖ ਰੁਪਏ ਦੀ ਗ੍ਰਾਂਟ ਜਾਰੀ ਕਰਕੇ ਕੰਮਾਂ ਦੀ ਸ਼ੁਰੂਆਤ ਕਰਵਾਈ। ਵਿਧਾਇਕ ਭਰਾਜ ਨੇ ਇਸ ਮੌਕੇ ਕਿਹਾ ਕਿ ਪੰਜਾਬ ਸਰਕਾਰ ਮੁੱਖ ਮੰਤਰੀ ਸ੍ਰ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪਿੰਡਾਂ ਦੇ ਸਰਬਪੱਖੀ ਵਿਕਾਸ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਹਰ ਪਿੰਡ ਵਿੱਚ ਲੋਕਾਂ ਦੀ ਲੋੜ ਮੁਤਾਬਕ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਲੋਕਾਂ ਦੀਆਂ ਮੁੱਢਲੀਆਂ ਸਹੂਲਤਾਂ ਨੂੰ ਯਕੀਨੀ ਬਣਾਉਣਾ ਸਰਕਾਰ ਦੀ ਪ੍ਰਾਥਮਿਕਤਾ ਹੈ। ਉਨ੍ਹਾਂ ਲੋਕਾਂ ਦੀਆਂ ਸਮੱਸਿਆਵਾਂ ਵੀ ਸੁਣੀਆਂ ਅਤੇ ਸਬੰਧਤ ਅਧਿਕਾਰੀਆਂ ਨੂੰ ਜਲਦ ਹੱਲ ਕਰਨ ਲਈ ਹਦਾਇਤਾਂ ਦਿੱਤੀਆਂ। ਪਿੰਡ ਵਾਸੀਆਂ ਨੇ ਵਿਧਾਇਕ ਨਰਿੰਦਰ ਕੌਰ ਭਰਾਜ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਨ੍ਹਾਂ ਵਿਕਾਸ ਕਾਰਜਾਂ ਨਾਲ ਪਿੰਡਾਂ ਦੀ ਤਸਵੀਰ ਬਦਲੇਗੀ ਅਤੇ ਲੋਕਾਂ ਨੂੰ ਵੱਡਾ ਲਾਭ ਮਿਲੇਗਾ। ਇਸ ਮੌਕੇ ਸਰਪੰਚ ਜਸਪਾਲ ਸਿੰਘ,ਗੁਰਚਰਨ ਸਿੰਘ ਚਹਿਲ,ਪਰਦੀਪ ਲਾਡੀ,ਸਰਪੰਚ ਸੁਖਚੈਨ ਸਿੰਘ,ਸਰਪੰਚ ਜਗਪਾਲ ਸਿੰਘ,ਗੁਰਪ੍ਰੀਤ ਸਿੰਘ,ਕੁਲਵਿੰਦਰ ਸਿੰਘ ਪਿੰਡਾਂ ਦੇ ਪਤਵੰਤੇ, ਪੰਚਾਇਤ ਮੈਂਬਰ, ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਅਤੇ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

**ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ ਅਤੇ ਸਬੰਧਤ ਅਧਿਕਾਰੀਆਂ ਨੂੰ ਜਲਦ ਹੱਲ ਕਰਨ ਲਈ ਹਦਾਇਤਾਂ ਦਿੱਤੀਆਂ**

# ਰੋਜੀ ਰੋਟੀ ਕਮਾਉਣ ਲਈ ਦੁਕਾਨ ਚ ਕਰਿਆਨੇ ਦਾ ਸਮਾਨ ਪਾ ਕਿ ਦਿੱਤਾ ਗਿਆ ਲੋੜਵੰਦ ਪ੍ਰੀਵਾਰਾਂ ਦੀਆਂ ਸੇਵਾਵਾਂ ਨਿਰੰਤਰ ਜਾਰੀ-ਬਾਬਾ ਬਿਬੇਕ ਸਿੰਘ



ਜੰਡਿਆਲਾ ਗੁਰੂ 15 ਜੂਨ ( ਕੁਲਵੰਤ ਸਿੰਘ ਵਿਰਦੀ )-ਭਾਰਤ ਵਿੱਚ ਐਨ ਆਰ ਆਈ ਸੰਗਤਾਂ , ਧਾਰਮਿਕ ਸਖਸੀਅਤਾਂ ਅਤੇ ਸਮਾਜ ਸੇਵਕ ਜਥੇਬੰਦੀਆਂ ਵੱਲੋਂ ਵੱਖ-ਵੱਖ ਤਰੀਕਿਆਂ ਨਾਲ ਲੋੜਵੰਦ ਪ੍ਰੀਵਾਰਾਂ ਦੀ ਮੱਦਦ ਕੀਤੀ ਜਾਂਦੀ ਹੈ ਜਿਸ ਦੇ ਚੱਲਦਿਆਂ ਬੀਤੇ ਦਿਨ ਅਕਾਲੀ ਦਲ ਵਾਰਿਸ ਪੰਜਾਬ ਦੇ ਹਲਕਾ ਜੰਡਿਆਲਾ ਗੁਰੂ ਦੇ ਸੇਵਾਦਾਰ ਅਤੇ ਗੁਰਦੁਆਰਾ ਨਾਨਕਸਰ ਸਾਹਿਬ ਨਾਨਕਸਰ ਨਗਰ ਜੰਡਿਆਲਾ ਗੁਰੂ ਦੇ ਮੁੱਖ ਸੇਵਾਦਾਰ ਬਾਬਾ ਬਿਬੇਕ ਸਿੰਘ ਜੀ ਵਲੋਂ ਗੁੰਨੋਵਾਲ ਦੇ ਰਹਿਣ ਵਾਲੇ ਪ੍ਰਗਟ ਸਿੰਘ ਪੱਪੂ ਨੂੰ ਰੋਜੀ ਰੋਟੀ ਕਮਾਉਣ ਲਈ ਕਰਿਆਨੇ ਦੀ ਦੁਕਾਨ ਵਿੱਚ ਕਰੀਬ 22 ਹਜਾਰ ਦਾ ਸਮਾਨ ਪਾ ਕੇ ਦਿੱਤਾ ਗਿਆ ਇਸ ਮੌਕੇ ਬਾਬਾ ਬਿਬੇਕ ਸਿੰਘ ਨੇ ਗੱਲਬਾਤ ਕਰਦਿਆ ਹੋਇਆ ਕਿਹਾ ਕਿ ਹਰੇਕ ਗੁਰਸਿੱਖ ਅਤੇ ਧਰਮੀ ਇਨਸਾਨ ਨੂੰ ਗੁਰੂ ਸਾਹਿਬ ਜੀ ਨੇ ਹੁਕਮ ਕੀਤਾ ਹੈ ਕਿ ਆਪਣੀ ਕਿਰਤ ਕਮਾਈ ਦਾ ਦਸਵਾਂ ਹਿਸਾ ਲੋੜਵੰਦ ਪ੍ਰੀਵਾਰਾਂ ਦੀ ਮੱਦਦ ਕਰਕੇ ਕਿਰਤ ਕਰੋ ਵੰਡ ਛਕੋ ਨੂੰ ਸਮਰਪਿਤ ਹੋ ਕਿ ਪ੍ਰਮਾਤਮਾ ਦੀ ਖੁਸ਼ੀ ਦੇ ਪਾਤਰ ਬਣ ਕੇ ਆਪਣੇ ਜੀਵਨ ਨੂੰ ਸਫ਼ਲ ਕਰਨਾ ਸੋ ਅੱਜ ਇਸ ਪ੍ਰੀਵਾਰ ਦੀ ਮੱਦਦ ਕਰਕੇ ਅਲੱਗ ਹੀ ਖੁਸ਼ੀ ਮਹਿਸੂਸ ਹੋ ਰਹੀ ਹੈ ਵੈਸੇ ਇਹ ਦੁਕਾਨ ਪਹਿਲਾਂ ਹੀ ਪਾਈ ਹੋਈ ਸੀ ਲੇਕਿਨ ਦੁਕਾਨ ਵਿੱਚ ਸਮਾਨ ਨਹੀਂ ਸੀ ! ਸੋ ਅੱਜ ਗੁਰੂ ਸਾਹਿਬ ਜੀ ਦੀ ਕਿਰਪਾ ਨਾਲ ਸੇਵਾ ਕੀਤੀ ਗਈ ਹੈ !ਅੱਗੇ ਬਾਬਾ ਬਿਬੇਕ ਸਿੰਘ ਨੇ ਕਿਹਾ ਕਿ ਪਹਿਲਾਂ ਵੀ ਨਿਰੰਤਰ ਸੇਵਾਵਾਂ ਚਲ ਰਹੀਆਂ ਹਨ ਗ੍ਰੰਥੀ ਸਿੰਘਾਂ ਤੇ ਗੁਰਸਿੱਖ ਲੋੜਵੰਦਾਂ ਦੇ 22 ਘਰ ਬਣਾ ਕਿ ਦਿੱਤੇ ਗਏ ਹਨ ਅਤੇ ਹਰ ਮਹੀਨੇ ਵਿਧਵਾ ਔਰਤਾਂ ਨੂੰ ਰਾਸ਼ਨ ਵੀ ਦਿੱਤਾ ਜਾਂਦਾ ਹੈ ਲੋੜਵੰਦ ਪ੍ਰੀਵਾਰਾਂ ਦੇ ਬੱਚਿਆਂ ਦੀਆਂ ਸਕੂਲਾਂ ਦੀਆਂ ਫੀਸਾਂ ਵੀ ਭਰੀਆਂ ਜਾਂਦੀਆਂ ਹਨ ਅਤੇ ਹੁਣ ਵੀ ਦੋ ਘਰਾਂ ਦਾ ਕੰਮ ਉਸਾਰੀ ਅਧੀਨ ਚੱਲ ਰਿਹਾ ਹੈ ਅਤੇ ਜੇਕਰ ਰੋਡ ਤੇ ਚੱਲਦਿਆਂ ਐਕਸੀਡੈਂਟ ਕੇਸ ਸਾਹਮਣੇ ਆਉਂਦਾ ਹੈ ਤਾਂ ਉਸ ਦੇ ਡਾਕਟਰੀ ਇਲਾਜ ਦਾ ਬਿਲ ਵੀ ਭਰਿਆ ਜਾਂਦਾ ਹੈ ! ਇਸ ਲਈ ਸੰਗਤਾਂ ਨੂੰ ਬੇਨਤੀ ਕਰਦੇ ਹਾਂ ਕਿ ਆਪਣੇ ਇਲਾਕੇ ਵਿੱਚ ਆਸ ਪਾਸ ਲੋੜਵੰਦ ਪ੍ਰੀਵਾਰਾਂ ਦੀ ਮੱਦਦ ਕਰਕੇ ਗੁਰੂ ਸਾਹਿਬ ਜੀ ਦੇ ਹੁਕਮ ਨੂੰ ਸਮਰਪਿਤ ਹੋਵੋ ਤੇ ਗੁਰੂ ਨਾਨਕ ਦੇਵ ਸਾਹਿਬ ਜੀ ਦੀਆਂ ਖੁਸੀਆ ਪ੍ਰਾਪਤ ਕਰੋ ! ਇਸ ਮੌਕੇ ਕੰਨਵਲਪ੍ਰੀਤ ਸਿੰਘ,ਭਾਈ ਰਣਜੀਤ ਸਿੰਘ ਖਾਲਸਾ , ਮਨਜਿੰਦਰ ਸਿੰਘ ਖਾਲਸਾ,ਅਵਤਾਰ ਸਿੰਘ ਧੀਰੇਕੋਟ ਆਦਿ ਹਾਜ਼ਰ ਸਨ !

ਆਵਾਜ਼ਿ ਕੌਮ AWAZE QAUM International Newspaper & WEB TV

## ਪਿੰਡ ਕੱਕੜਵਾਲ ਦੀ ਸੰਗਤ ਨੇ ਮੁੱਖ ਮੰਤਰੀ ਤੀਰਥ ਯਾਤਰਾ ਅਧੀਨ ਗੁਰੂ ਘਰਾਂ ਦੇ ਦਰਸ਼ਨ ਦਿਦਾਰੇ ਕੀਤੇ



ਆਵਾਜ਼ਿ ਕੌਮ AWAZE QAUM International Newspaper & WEB TV

**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਸਰਕਾਰ ਵੱਲੋਂ ਮੁੱਖ ਮੰਤਰੀ ਤੀਰਥ ਯਾਤਰਾ ਤਹਿਤ ਪਿੰਡ ਕੱਕੜਵਾਲ ਦੇ ਲੋਕਾਂ ਨੇ ਧਾਰਮਿਕ ਸਥਾਨਾਂ ਦੇ ਦਰਸ਼ਨ ਕੀਤੇ ।ਮੁੱਖ ਮੰਤਰੀ ਤੀਰਥ ਯਾਤਰਾ ਪੰਜਾਬ ਸਰਕਾਰ ਦਾ ਉਪਰਾਲਾ ਬਹੁਤ ਹੀ ਸ਼ਲਾਘਾਯੋਗ ਉਪਰਾਲਾ ਹੈ : ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਆਪ ਦੇ ਬਲਾਕ ਪ੍ਰਧਾਨ ਸਰਪੰਚ ਜਗਜੀਤ ਸਿੰਘ ਫੌਜੀ ਨੇ ਕੀਤਾ। ਉਹਨਾਂ ਕਿਹਾ ਕਿ ਪਿੰਡ ਕੱਕੜਵਾਲ ਦੀ ਸੰਗਤ ਨੇ ਵੱਡੀ ਗਿਣਤੀ ਵਿੱਚ ਲੋਕਾਂ ਨੂੰ ਮੁੱਖ ਮੰਤਰੀ ਤੀਰਥ ਯਾਤਰਾ ਤਹਿਤ ਸ੍ਰੀ ਹਰਿਮੰਦਰ ਸਾਹਿਬ ਅੰਮ੍ਰਿਤਸਰ ਅਤੇ ਹੋਰ ਵੱਖ ਵੱਖ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਵਾਏ ਗਏ। ਉਹਨਾਂ ਕਿਹਾ ਕਿ ਮੁੱਖ ਮੰਤਰੀ ਤੀਰਥ ਯਾਤਰਾ ਤਹਿਤ ਸਾਡੇ ਪਿੰਡ ਕੱਕੜਵਾਲ ਦੀ ਸਮੂਹ ਸੰਗਤ ਨੂੰ ਸ੍ਰੀ ਹਰਿਮੰਦਰ ਸਾਹਿਬ ਅੰਮ੍ਰਿਤਸਰ , ਰਾਮਤੀਰਥ , ਦੁਰਗਾਣਾ ਮੰਦਿਰ , ਬਾਘਾ ਵਾਡਰ ਅਤੇ ਹੋਰ ਵੱਖ ਵੱਖ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਵਾਏ ਗਏ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਯੁੱਧ ਨਸ਼ਿਆਂ ਵਿਰੁੱਧ ਤਹਿਤ ਜਾਗਰੂਕਤਾ ਵਾਹਨ ਰਵਾਨਾ

# ਵਾਹਨਾਂ ਰਾਹੀਂ ਨਸ਼ਿਆਂ ਖਿਲਾਫ ਪ੍ਰਚਾਰ ਕਰਨ ਤੋਂ ਇਲਾਵਾ ਸ਼ਿਕਾਇਤਾਂ ਵੀ ਇਕੱਠੀਆਂ ਕੀਤੀਆਂ ਜਾਣਗੀਆਂ




**ਦਿੜ੍ਹਬਾ ( ਰਣਜੀਤ ਸਿੰਘ ਪੇਧਨੀ )** -ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ ਸਬੰਧੀ ਵਿੱਤ ਮੰਤਰੀ ਸ੍ਰ ਹਰਪਾਲ ਸਿੰਘ ਚੀਮਾ ਦੀ ਅਗਵਾਈ ਹੇਠ ਐਸਡੀਐਮ ਦਫਤਰ ਦਿੜਬਾ ਵੱਲੋਂ ਵਿੱਤ ਮੰਤਰੀ ਚੀਮਾ ਦੇ ਓਐਸਡੀ ਤਪਿੰਦਰ ਸਿੰਘ ਸੋਹੀ ਨੇ ਪ੍ਰਚਾਰ ਵਾਹਨਾਂ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤੇ। ਇਹ ਵਾਹਨ ਪਿੰਡਾਂ ਤੇ ਸ਼ਹਿਰਾਂ ਵਿੱਚ ਜਾਣਗੇ ਅਤੇ ਇਹਨਾਂ ਰਾਹੀਂ ਨਸ਼ਿਆਂ ਖਿਲਾਫ ਪ੍ਰਚਾਰ ਕਰਨ ਤੋਂ ਇਲਾਵਾ ਸ਼ਿਕਾਇਤਾਂ ਵੀ ਇਕੱਠੀਆਂ ਕੀਤੀਆਂ ਜਾਣਗੀਆਂ। ਵਿੱਤ ਮੰਤਰੀ ਸ੍ਰ ਚੀਮਾ ਦੇ ਓਐਸਡੀ ਤਪਿੰਦਰ ਸਿੰਘ ਸੋਹੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਅਤੇ ਹਲਕਾ ਦਿੜਬਾ ਅੰਦਰ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੀ ਨਿਗਰਾਨੀ ਹੇਠ ਅੱਜ ਐਸਡੀਐਮ ਦਫਤਰ ਦਿੜਬਾ ਤੋਂ ਦੋ ਵਾਹਨ ਰਵਾਨਾ ਕੀਤੇ ਹਨ। ਇਹ ਵਾਹਨ ਜਿੱਥੇ ਪਿੰਡਾਂ ਵਿੱਚ ਨਸ਼ੇ ਦੇ ਖਿਲਾਫ ਪ੍ਰਚਾਰ ਕਰਨਗੇ ਅਤੇ ਇਸ ਦੇ ਨਾਲ ਹੀ ਇਹਨਾਂ ਦੇ ਅੰਦਰ ਇੱਕ ਬਕਸਾ ਲੱਗਿਆ ਹੋਇਆ ਹੈ ਜਿਸ ਵਿੱਚ ਕੋਈ ਵੀ ਵਿਅਕਤੀ ਗੁਪਤ ਰੂਪ ਵਿੱਚ ਨਸ਼ਾ ਵੇਚਣ ਵਾਲੇ ਜਾਂ ਨਸ਼ਾ ਕਰਨ ਵਾਲੇ ਦਾ ਨਾਂ ਲਿਖ ਕੇ ਪਰਚੀ ਪਾ ਸਕਦਾ ਹੈ। ਪਰਚੀ ਪਾਉਣ ਵਾਲੇ ਦਾ ਨਾਂ ਅਤੇ ਪਤਾ ਗੁਪਤ ਰੱਖਿਆ ਜਾਵੇਗਾ। ਆਮ ਵੇਖਣ ਵਿੱਚ ਆਇਆ ਹੈ ਕਿ ਲੋਕ ਡਰ ਕਾਰਨ ਕਿਸੇ ਵੀ ਨਸ਼ਾ ਵੇਚਣ ਵਾਲੇ ਜਾਂ ਨਸ਼ਾ ਕਰਨ ਵਾਲੇ ਦਾ ਨਾਂ ਨਹੀਂ ਦੱਸਦੇ ਪਰ ਇਸ ਮੁਹਿੰਮ ਤਹਿਤ ਕੋਈ ਵੀ ਗੁਪਤ ਰੂਪ ਦੇ ਵਿੱਚ ਆਪਣਾ ਨਾਮ ਨਾ ਲਿਖੇ ਬਗੈਰ ਹੀ ਨਸ਼ਾ ਵੇਚਣ ਵਾਲੇ ਦਾ ਜਾਂ ਨਸ਼ਾ ਕਰਨ ਵਾਲੇ ਦਾ ਨਾਂ ਲਿਖ ਕੇ ਇਸ ਬਕਸੇ ਵਿੱਚ ਪਾ ਸਕਦਾ ਹੈ। ਉਹਨਾਂ ਅੱਗੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨਸ਼ੇ ਖਿਲਾਫ ਸ਼ੁਰੂ ਕੀਤੀ ਮੁਹਿੰਮ ਸਫਲਤਾ ਪੂਰਵਕ ਚੱਲ ਰਹੀ ਹੈ। ਇਸ ਤੋਂ ਇਲਾਵਾ ਨੌਜਵਾਨਾਂ ਨੂੰ ਨਸ਼ੇ ਤੋਂ ਦੂਰ ਰੱਖਣ ਲਈ ਪਿੰਡਾਂ ਅੰਦਰ ਸਟੇਡੀਅਮ ਬਣਾਏ ਜਾ ਰਹੇ ਹਨ ਅਤੇ ਹਰ ਸਵੇਰ ਜਾਂ ਸ਼ਾਮ ਸਟੇਡੀਅਮ ਵਿੱਚ ਨੌਜਵਾਨ ਖੇਡਦੇ ਨਜ਼ਰ ਆਉਂਦੇ ਹਨ। ਇਸ ਮੌਕੇ ਐਸਡੀਐਮ ਦਿੜ੍ਹਬਾ ਤਰਸੇਮ ਚੰਦ, ਰਣਜੀਤ ਸਿੰਘ ਖੇਤਲਾ, ਹਰਪ੍ਰੀਤ ਸਿੰਘ , ਗੁਰਦੀਪ ਸਿੰਘ ਅਤੇ ਹੋਰ ਹਾਜ਼ਰ ਸਨ।

### ਧੂਰੀ ਤੋਂ ਪ੍ਰਸਿੱਧ ਸ਼ਿਵ ਮੰਦਿਰ ਹਰਨਾਏ ਲਈ ਮਹੀਨਾਵਾਰ ਬੱਸ ਯਾਤਰਾ ਦੀ ਸ਼ੁਰੂਆਤ

# 27 ਜੂਨ ਨੂੰ ਦੁਪਹਿਰ 3 ਵਜੇ ਹੋਵੇਗੀ ਰਵਾਨਾ



**ਧੂਰੀ ( ਰਣਜੀਤ ਸਿੰਘ ਪੇਧਨੀ** )-ਜੈ ਬਾਬਾ ਬਾਲਕ ਨਾਥ ਵੈਲਫੇਅਰ ਸੋਸਾਇਟੀ (ਰਜਿ.) ਧੂਰੀ ਵੱਲੋਂ ਸ਼ਰਧਾਲੂਆਂ ਦੀ ਸਹੂਲਤ ਨੂੰ ਧਿਆਨ ਵਿੱਚ ਰੱਖਦਿਆਂ ਪ੍ਰਸਿੱਧ ਸ਼ਿਵ ਮੰਦਿਰ ਹਰਨਾਏ ਲਈ ਮਹੀਨੇ ਦੀ ਹਰ ਤਰੋਸਤੀ ਮੌਕੇ ਬੱਸ ਯਾਤਰਾ ਸ਼ੁਰੂ ਕਰਨ ਦਾ ਫ਼ੈਸਲਾ ਲਿਆ ਗਿਆ ਹੈ। ਇਹ ਫ਼ੈਸਲਾ ਸੋਸਾਇਟੀ ਦੇ ਸਾਰੇ ਮੈਂਬਰਾਂ ਦੀ ਹਾਜ਼ਰੀ ਵਿੱਚ ਹੋਈ ਮੀਟਿੰਗ ਦੌਰਾਨ ਸਰਬਸੰਮਤੀ ਨਾਲ ਕੀਤਾ ਗਿਆ। ਸੋਸਾਇਟੀ ਵੱਲੋਂ ਜਾਣਕਾਰੀ ਦਿੰਦਿਆਂ ਦੱਸਿਆ ਗਿਆ ਕਿ ਇਸ ਮਹੀਨੇ ਦੀ ਬੱਸ ਯਾਤਰਾ 27 ਜੂਨ 2026, ਦਿਨ ਸ਼ਨੀਵਾਰ, ਨੂੰ ਦੁਪਹਿਰ 3:00 ਵਜੇ ਧੂਰੀ ਬੱਸ ਸਟੈਂਡ ਦੇ ਨੇੜੇ ਤੋਂ ਰਵਾਨਾ ਹੋਵੇਗੀ। ਇਸ ਯਾਤਰਾ ਦਾ ਉਦੇਸ਼ ਵੱਧ ਤੋਂ ਵੱਧ ਸ਼ਰਧਾਲੂਆਂ ਨੂੰ ਇਕੱਠੇ ਹੋ ਕੇ ਪਵਿੱਤਰ ਧਾਰਮਿਕ ਸਥਾਨ ਦੇ ਦਰਸ਼ਨ ਕਰਵਾਉਣਾ ਅਤੇ ਧਾਰਮਿਕ ਭਾਵਨਾਵਾਂ ਨੂੰ ਪ੍ਰਫੁੱਲਤ ਕਰਨਾ ਹੈ। ਸੋਸਾਇਟੀ ਨੇ ਸਮੂਹ ਸੰਗਤ ਨੂੰ ਅਪੀਲ ਕੀਤੀ ਹੈ ਕਿ ਉਹ ਇਸ ਪਵਿੱਤਰ ਯਾਤਰਾ ਵਿੱਚ ਵੱਧ ਤੋਂ ਵੱਧ ਗਿਣਤੀ ਵਿੱਚ ਸ਼ਾਮਲ ਹੋਣ ਅਤੇ ਯਾਤਰਾ ਨੂੰ ਸਫ਼ਲ ਬਣਾਉਣ ਵਿੱਚ ਆਪਣਾ ਯੋਗਦਾਨ ਪਾਉਣ। ਬੱਸ ਵਿੱਚ ਸੀਟਾਂ ਸੀਮਤ ਹੋਣ ਕਰਕੇ ਸ਼ਰਧਾਲੂਆਂ ਨੂੰ ਪਹਿਲਾਂ ਹੀ ਆਪਣੀ ਸੀਟ ਬੁੱਕ ਕਰਵਾਉਣ ਦੀ ਸਲਾਹ ਦਿੱਤੀ ਗਈ ਹੈ।

ਸੀਟ ਬੁੱਕ ਕਰਵਾਉਣ ਲਈ ਸੰਪਰਕ ਕਰੋ: ਪ੍ਰਧਾਨ ਸਤਵੀਰ ਸਿੰਘ (ਰਿੰਕੂ ਭੱਟੀ): 9888552784 ਕਿਸ਼ੋਰ ਕੁਮਾਰ ਮਿੱਤਲ: 9914358276 ਨਰਿੰਦਰ ਧਵਨ: 9888410510 ਸੋਸਾਇਟੀ ਦੇ ਮੁੱਖ ਅਹੁਦੇਦਾਰ ਇਸ ਪ੍ਰਕਾਰ ਹਨ: ਸਰਪ੍ਰਸਤ: ਪ੍ਰਗਟ ਸਿੰਘ ਭੱਟੀ * ਪ੍ਰਧਾਨ: ਸਤਵੀਰ ਸਿੰਘ (ਰਿੰਕੂ ਭੱਟੀ) * ਵਾਈਸ ਪ੍ਰਧਾਨ: ਡਾ. ਸੁਰਿੰਦਰ ਪਾਲ ਪੁੱਲੀ ਵਾਲੇ * ਜਨਰਲ ਸਕੱਤਰ: ਹਰਮੇਸ਼ ਤਿਵਾੜੀ * ਸਕੱਤਰ: ਕਿਸ਼ੋਰ ਕੁਮਾਰ ਮਿੱਤਲ * ਵਾਈਸ ਸਕੱਤਰ: ਨਰਿੰਦਰ ਧਵਨ (ਡਮਰੂ) * ਖਜ਼ਾਨਚੀ: ਰਿੰਕੂ ਮਿੱਤਲ ਅਤੇ ਰਾਕੇਸ਼ ਕੁਮਾਰ। ਇਸ ਤੋਂ ਇਲਾਵਾ ਪ੍ਰੈੱਸ ਅਤੇ ਪ੍ਰਚਾਰ ਟੀਮ ਦੇ ਮੈਂਬਰ ਵੀ ਧਾਰਮਿਕ ਅਤੇ ਸਮਾਜਿਕ ਸੇਵਾ ਕਾਰਜਾਂ ਨੂੰ ਅੱਗੇ ਵਧਾਉਣ ਲਈ ਸਰਗਰਮ ਭੂਮਿਕਾ ਨਿਭਾ ਰਹੇ ਹਨ। ਸੋਸਾਇਟੀ ਨੇ ਆਉਣ ਵਾਲੇ ਸਮੇਂ ਵਿੱਚ ਵੀ ਇਸ ਤਰ੍ਹਾਂ ਦੀਆਂ ਲੋਕ ਭਲਾਈ ਅਤੇ ਧਾਰਮਿਕ ਗਤੀਵਿਧੀਆਂ ਨੂੰ ਜਾਰੀ ਰੱਖਣ ਦਾ ਭਰੋਸਾ ਦਿੱਤਾ ਹੈ।

### ਜੂਨ ਮਹੀਨੇ ਦੀ ਮੱਸਿਆ ਤੇ ਸੰਗਰਾਂਦ ਦੇ ਸੁਭ ਮੌਕੇ ਗੁਰਦੁਆਰਾ ਜਾਮਨੀ ਸਾਹਿਬ ਵਿਖੇ

# ਮੁਫ਼ਤ ਡੈਂਟਲ ਚੈੱਕਅਪ ਕੈਂਪ, 200 ਤੋਂ ਵੱਧ ਸ਼ਰਧਾਲੂਆਂ ਨੇ ਲਾਭ ਉਠਾਇਆ



ਫ਼ਿਰੋਜ਼ਪੁਰ, 15 ਜੂਨ (ਮਨੋਹਰ ਲਾਲ) :— ਸੋਮਵਾਰ ਦੀ ਮੱਸਿਆ ਅਤੇ ਸੰਗਰਾਂਦ ਦੇ ਪਾਵਨ ਸੁਭ ਮੌਕੇ 'ਤੇ ਸ੍ਰੀ ਗੁਰਦੁਆਰਾ ਜਾਮਨੀ ਸਾਹਿਬ ਬਾਜ਼ੀਦਪੁਰ ਵਿਖੇ ਜੈਨੇਸਿਸ ਡੈਂਟਲ ਕਾਲਜ ਵੱਲੋਂ ਮੁਫ਼ਤ ਡੈਂਟਲ ਚੈਕਅੱਪ ਕੈਂਪ ਦਾ ਆਯੋਜਨ ਕੀਤਾ ਗਿਆ। ਧਾਰਮਿਕ ਮਾਹੌਲ ਵਿੱਚ ਲਗਾਏ ਗਏ ਇਸ ਸੇਵਾ ਕੈਂਪ ਵਿੱਚ 200 ਤੋਂ ਵੱਧ ਸ਼ਰਧਾਲੂਆਂ ਨੇ ਉਤਸ਼ਾਹ ਨਾਲ ਹਿੱਸਾ ਲਿਆ ਅਤੇ ਆਪਣੇ ਦੰਦਾਂ ਦੀ ਜਾਂਚ ਕਰਵਾਈ। ਕੈਂਪ ਦੌਰਾਨ ਜੈਨੇਸਿਸ ਡੈਂਟਲ ਕਾਲਜ ਦੀ ਡਾਕਟਰੀ ਟੀਮ ਵਿੱਚ ਸ਼ਾਮਲ ਡਾ: ਸੁਕੀਰਤ ਕੌਰ, ਡਾ: ਰਮਨਪ੍ਰੀਤ ਕੌਰ ਅਤੇ ਡਾ: ਦੀਪਕ ਨੇ ਸ਼ਰਧਾਲੂਆਂ ਦੀ ਡੈਂਟਲ ਜਾਂਚ ਕੀਤੀ ਅਤੇ ਨਾਲ ਹੀ ਉਨ੍ਹਾਂ ਨੇ ਦੰਦਾਂ ਨਾਲ ਸੰਬੰਧਿਤ ਆਮ ਸਮੱਸਿਆਵਾਂ, ਸਹੀ ਬਰਸ਼ਿੰਗ ਤਰੀਕਾ, ਦਿਨ ਵਿੱਚ ਦੋ ਵਾਰੀ ਬਰਸ਼ ਕਰਨ, ਸਾਫ਼ ਸਫ਼ਾਈ ਬਣਾਈ ਰੱਖਣ ਅਤੇ ਸਮੇਂ ਸਮੇਂ 'ਤੇ ਡੈਂਟਲ ਚੈਕਅੱਪ ਕਰਵਾਉਣ ਦੀ ਲੋੜ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਡਾਕਟਰਾਂ ਨੇ ਦੱਸਿਆ ਕਿ ਦੰਦਾਂ ਦੀ ਅਣਦੇਖੀ ਕਰਨ ਨਾਲ ਗੰਭੀਰ ਬਿਮਾਰੀਆਂ ਪੈਦਾ ਹੋ ਸਕਦੀਆਂ ਹਨ, ਇਸ ਲਈ ਸ਼ੁਰੂਆਤੀ ਜਾਂਚ ਅਤੇ ਸਹੀ ਦੇਖਭਾਲ ਬਹੁਤ ਜ਼ਰੂਰੀ ਹੈ। ਕੈਂਪ ਵਿੱਚ ਆਏ ਕਈ ਸ਼ਰਧਾਲੂਆਂ ਨੂੰ ਲੋੜੀਂਦਾ ਇਲਾਜ ਕਰਕੇ ਅੱਗੇ ਦੇ ਇਲਾਜ ਲਈ ਵੀ ਮਾਰਗਦਰਸ਼ਨ ਕੀਤਾ ਗਿਆ। ਇਸ ਮੌਕੇ ਕਾਲਜ ਦੇ ਪੀ.ਆਰ.ਓ ਰਣਜੀਤ ਸਿੰਘ ਅਤੇ ਮਨਜੀਤ ਸਿੰਘ ਵੱਲੋਂ ਸੇਵਾ ਭਾਵਨਾ ਦੇ ਤਹਿਤ ਸ਼ਰਧਾਲੂਆਂ ਨੂੰ ਮੁਫ਼ਤ ਟੂਥਬ੍ਰਸ਼ ਅਤੇ ਟੂਥਪੇਸਟ ਵੀ ਵੰਡੇ ਗਏ। ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸੰਗਤ ਵੱਲੋਂ ਜੈਨੇਸਿਸ ਡੈਂਟਲ ਕਾਲਜ ਦੀ ਇਸ ਪਹਲ ਦੀ ਸ਼ਲਾਘਾ ਕਰਦੇ ਹੋਏ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੇ ਸਿਹਤ ਕੈਂਪ ਲਗਾਉਣ ਦੀ ਅਪੀਲ ਕੀਤੀ ਗਈ।

# ਨਜਾਇਜ ਕਬਜੇ, ਟਰੈਫਿਕ ਨਿਯਮਾਂ ਦੀ ਪਾਲਣਾ ਨਾ ਕਰਨ ਅਤੇ ਕਾਗਜਾਤ ਪੂਰੇ ਨਾ ਰੱਖਣ ਵਾਲਿਆਂ ਦੇ 100 ਦੇ ਕਰੀਬ ਚਲਾਨ ਕੱਟੇ ਗਏ





**ਜੰਡਿਆਲਾ ਗੁਰੂ, 13 ਜੂਨ ( ਕੁਲਵੰਤ ਸਿੰਘ ਵਿਰਦੀ** )-ਜੰਡਿਆਲਾ ਗੁਰੂ ਸ਼ਹਿਰ ਵਿੱਚ ਨਾਜਾਇਜ਼ ਕਬਜ਼ੇ, ਟ੍ਰੈਫਿਕ ਨਿਯਮਾਂ ਦੀ ਪਾਲਣਾ ਨਾ ਕਰਨ ਅਤੇ ਕਾਗਜਾਤ ਪੂਰੇ ਨਾ ਰੱਖਣ ਵਾਲਿਆਂ ਦੇ ਟ੍ਰੈਫਿਕ ਸੈੱਲ ਅੰਮ੍ਰਿਤਸਰ ਦਿਹਾਤੀ ਨੇ ਚਲਾਨ ਕੱਟੇ ਟ੍ਰੈਫਿਕ ਸੈੱਲ ਦੇ ਇੰਚਾਰਜ ਇੰਸਪੈਕਟਰ ਚਰਨਜੀਤ ਸਿੰਘ ਨੇ ਦੱਸਿਆ ਕਿ ਪੁਲਿਸ ਜ਼ਿਲ੍ਹਾ ਅੰਮ੍ਰਿਤਸਰ ਦੇ ਐਸ ਐਸ ਪੀ ਕੰਵਲਪ੍ਰੀਤ ਸਿੰਘ ਚਾਹਲ ਦੇ ਦਿਸ਼ਾ ਨਿਰਦੇਸ਼ਾ ਅਨੁਸਾਰ ਇਹ ਚੈਕਿੰਗ ਕੀਤੀ ਜਾ ਰਹੀ ਹੈ। ਓਹਨਾਂ ਨੇ ਦੱਸਿਆ ਕਿ ਇਸ ਚੈਕਿੰਗ ਦੌਰਾਨ ਨਜਾਇਜ ਕਬਜੇ ਕਰੀ ਬੈਠੇ ਰੇਹੜੀ ਫੜੀ ਵਾਲਿਆਂ ਅਤੇ ਦੁਕਾਨਦਾਰਾਂ ਨੂੰ ਨਜਾਇਜ ਕਬਜੇ ਛੱਡ ਜਾਣ ਦੀ ਚਿਤਾਵਨੀ ਦਿੱਤੀ। ਇੰਸਪੈਕਟਰ ਚਰਨਜੀਤ ਸਿੰਘ ਨੇ ਦੱਸਿਆ ਕਿ ਪਟਾਕੇ ਮਾਰਨ ਵਾਲੇ ਬੁੱਲੇਟ ਮੋਟਸਾਈਕਲਾਂ ਦੇ ਚਲਾਨ ਵੀ ਕੱਟੇ ਗਏ। ਓਹਨਾਂ ਇਹ ਵੀ ਦੱਸਿਆ ਕਿ ਇੱਕ ਦੋ ਕਾਰਾਂ ਵਾਲ਼ਿਆਂ ਨੇ ਵਾਹਨਾਂ ਦੇ ਅੱਗੇ ਅਖੌਤੀ ਚੇਅਰਮੈਨ ਦੀ ਪਲੇਟ ਵੀ ਲਗਾਈ ਗਈ ਸੀ। ਓਹਨਾਂ ਦੇ ਵੀ ਚਲਾਨ ਕੱਟੇ ਗਏ। ਇਸ ਟੀਮ ਵਿੱਚ ਸਬ ਇੰਸਪੈਕਟਰ ਜਗੀਰ ਸਿੰਘ, ਕੰਵਲਜੀਤ, ਏ ਐਸ ਆਈ ਇੰਦਰ ਮੋਹਨ, ਏ ਐਸ ਆਈ ਜਸਬੀਰ ਸਿੰਘ , ਏ ਐਸ ਆਈ ਮੇਜਰ ਸਿੰਘ, ਏ ਐਸ ਆਈ ਨਵਦੀਪ, ਏ ਐਸ ਆਈ ਰਣਜੀਤ ਸਿੰਘ ਆਦਿ ਸ਼ਾਮਲ ਸਨ।

# ਮੁੱਖ ਮੰਤਰੀ ਭਗਵੰਤ ਮਾਨ ਖ਼ਿਲਾਫ਼ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਕੀਤੀ ਕਾਰਵਾਈ ਜਾਇਜ਼ ਤੇ ਸਮੇਂ ਦੀ ਲੋੜ ਮੁਤਾਬਿਕ : ਪਰਮਜੀਤ ਸਿੰਘ ਵੀਰਜੀ



**ਨਵੀਂ ਦਿੱਲੀ, 15 ਜੂਨ (ਮਨਪ੍ਰੀਤ ਸਿੰਘ ਖਾਲਸਾ)**-ਜੱਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਅਤੇ ਪੰਜ ਸਿੰਘ ਸਾਹਿਬਾਨ ਵੱਲੋਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਗੁਰੂ ਦੋਖੀ ਅਤੇ ਖ਼ਾਲਸਾ ਪੰਥ ਵਿਰੋਧੀ ਕਰਾਰ ਦੇਣ ਦੇ ਫ਼ੈਸਲੇ ਦੀ ਪ੍ਰੋੜਤਾ ਕਰਦਿਆਂ ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਦੇ ਬੁਲਾਰੇ ਅਤੇ ਗੁਰੂਬਾਣੀ ਰਿਸਰਚ ਫਾਊਂਡੇਸ਼ਨ ਦੇ ਮੁੱਖੀ ਦੇ ਨਾਲ ਦਿੱਲੀ ਕਮੇਟੀ ਦੀ ਧਰਮ ਪ੍ਰਚਾਰ ਵਿੰਗ ਦੇ ਸਾਬਕਾ ਕੋ ਚੇਅਰਮੈਨ ਸਰਦਾਰ ਪਰਮਜੀਤ ਸਿੰਘ ਵੀਰਜੀ ਨੇ ਕਿਹਾ ਹੈ ਕਿ ਸਿੱਖ ਸੰਗਤ ਦੀਆਂ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਵਾਲੀ ਇਤਰਾਜ਼ਯੋਗ ਵੀਡੀਓ ਸਬੰਧੀ ਭਾਰਤ ਸਰਕਾਰ ਤੋਂ ਮਾਨਤਾ ਪ੍ਰਾਪਤ ਦੋ ਫੋਰੈਂਸਿਕ ਲੈਬਾਂ ਦੀਆਂ ਰਿਪੋਰਟਾਂ ਵਿੱਚ ਵੀਡੀਓ ਦੇ ਅਸਲੀ ਹੋਣ ਦੀ ਪੁਸ਼ਟੀ ਹੋਣ ਤੋਂ ਬਾਅਦ ਪੰਥ ਕੋਲ ਸਖ਼ਤ ਕਾਰਵਾਈ ਤੋਂ ਇਲਾਵਾ ਹੋਰ ਕੋਈ ਚਾਰਾ ਨਹੀਂ ਸੀ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪੇਸ਼ ਹੋ ਕੇ ਵੀਡੀਓ ਨੂੰ ਏ.ਆਈ. ਨਾਲ ਬਣੀ ਦੱਸਿਆ ਗਿਆ, ਪਰ ਬਾਅਦ ਵਿੱਚ ਫੋਰੈਂਸਿਕ ਜਾਂਚਾਂ ਨੇ ਇਸ ਦਾਅਵੇ ਨੂੰ ਗਲਤ ਸਾਬਤ ਕਰ ਦਿੱਤਾ। ਇਸ ਦੇ ਨਾਲ ਹੀ ਜਾਗਤ ਜੋਤ ਸਤਿਕਾਰ ਕਾਨੂੰਨ ਦੇ ਮਾਮਲੇ ਵਿੱਚ ਵੀ ਸਮੁੱਚੇ ਪੰਥ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਵਾਰ-ਵਾਰ ਇਸ ਕਾਨੂੰਨ ਨੂੰ ਰੱਦ ਕਰਨ ਦੀ ਮੰਗ ਕੀਤੀ ਜਾਂਦੀ ਰਹੀ ਹੈ, ਪਰ ਮੁੱਖ ਮੰਤਰੀ ਭਗਵੰਤ ਮਾਨ ਹਠਧਰਮੀ ਦਾ ਪ੍ਰਗਟਾਵਾ ਕਰਦੇ ਹੋਏ ਪੰਥ ਦੀਆਂ ਭਾਵਨਾਵਾਂ ਨੂੰ ਨਜ਼ਰਅੰਦਾਜ਼ ਕਰ ਰਿਹਾ ਹੈ। ਇਸ ਕਾਰਨ ਵੀ ਉਸ ਖ਼ਿਲਾਫ਼ ਸਖ਼ਤ ਪੰਥਕ ਕਾਰਵਾਈ ਦੀ ਲੋੜ ਮਹਿਸੂਸ ਕੀਤੀ ਜਾ ਰਹੀ ਸੀ। ਪਰਮਜੀਤ ਸਿੰਘ ਵੀਰਜੀ ਨੇ ਕਿਹਾ ਕਿ ਜੱਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਦੀ ਅਗਵਾਈ ਹੇਠ ਪੰਜ ਸਿੰਘ ਸਾਹਿਬਾਨ ਵੱਲੋਂ ਲਿਆ ਗਿਆ ਇਹ ਫ਼ੈਸਲਾ ਸਿੱਖ ਕੌਮ ਦੀਆਂ ਭਾਵਨਾਵਾਂ ਦੀ ਸਹੀ ਤਰਜਮਾਨੀ ਕਰਦਾ ਹੈ ਅਤੇ ਸਮੁੱਚੀ ਸਿੱਖ ਸੰਗਤ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਵਉੱਚਤਾ ਅਤੇ ਪੰਥਕ ਫ਼ੈਸਲਿਆਂ ਦੇ ਪਿੱਛੇ ਇੱਕਜੁੱਟ ਹੋ ਕੇ ਖੜ੍ਹਨਾ ਚਾਹੀਦਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਡੇਰਾ ਬਾਬਾ ਨਾਨਕ ਕੌਰੀਡੌਰ ਤੇ ਕਰਤਾਰ ਪੁਰ ਸਾਹਿਬ ਲਾਂਘਾਂ ਮੁੜ੍ਹ ਖੋਲ੍ਹਣ ਲਈ

# ਭਾਰਤ ਪਾਕਿਸਤਾਨ ਸਰਹੱਦ 'ਤੇ ਸੰਗਤ ਰੂਪੀ ਅਰਦਾਸ ਕੀਤੀ ਗਈ





**ਡੇਰਾ ਬਾਬਾ ਨਾਨਕ, 15 ਜੂਨ (ਆਵਾਜ਼ਿ ਕੌਮ ਬਿਊਰੋ)-** ਡੇਰਾ ਬਾਬਾ ਨਾਨਕ ਕੌਰੀਡੌਰ ਤੇ ਕਰਤਾਰ ਪੁਰ ਸਾਹਿਬ ਲਾਂਘਾਂ ਮੁੜ੍ਹ ਖੋਲ੍ਹਣ ਲਈ ਭਾਰਤ ਪਾਕਿਸਤਾਨ ਸਰਹੱਦ ਤੇ ਸੰਗਤ ਰੂਪੀ ਅਰਦਾਸ ਕੀਤੀ ਗਈ, ਜਿਸ ਦੀ ਅਗਵਾਈ ਸ ਮਨਜੀਤ ਸਿੰਘ ਭੋਮਾ ਤੇ ਸ ਸੁਰਿੰਦਰ ਸਿੰਘ ਤਾਲਿਬਪੁਰਾ ਵੱਲੋਂ ਕੀਤੀ ਗਈ। ਇਸ ਮੌਕੇ ਭਾਈ ਮਨਜੀਤ ਸਿੰਘ ਭੋਮਾ, ਭਾਈ ਸੁਰਿੰਦਰ ਪਾਲ ਸਿੰਘ ਤਾਲਬਪੁਰਾ, ਭਾਈ ਰਜਵੰਤ ਸਿੰਘ ਮਹਿਲਾਂਵਾਲਾ, ਡਾ. ਦਰਸ਼ਨ ਸਿੰਘ ਗੁੱਜਰਪੁਰਾ, ਡਾ. ਸੁਖਪ੍ਰੀਤ ਸਿੰਘ ਭਲਾ ਪਿੰਡ, ਮਨਜੋਤ ਸਿੰਘ ਪੁਰੇਵਾਲ, ਸਰਪੰਚ ਹਰਦੀਪ ਸਿੰਘ ਰੂੜੇਵਾਲ, ਫੌਜੀ ਕੁਲਵਿੰਦਰ ਸਿੰਘ ਰਮਦਾਸ, ਗੁਰਪ੍ਰੀਤ ਸਿੰਘ ਗੱਗੋਮਾਹਲ, ਮਨਜੀਤ ਸਿੰਘ ਰਾਊਵਾਲ, ਮੰਨੂ ਢਿੱਲੋਂ, ਦਿਦਾਰ ਸਿੰਘ ਚੋਧਰਪੁਰਾ, ਸੁਖਜਿੰਦਰ ਸਿੰਘ ਬਿੱਟੂ ਮਜੀਠਾ, ਸਰਪੰਚ ਅਜਾਦ ਸਿੰਘ ਵੀਰਮ, ਮਨਦੀਪ ਸਿੰਘ ਡੇਰਾ ਪਠਾਣ, ਭਾਈ ਅਮਰਿੰਦਰ ਸਿੰਘ, ਭਾਈ ਜਤਿੰਦਰ ਸਿੰਘ, ਬਾਬਾ ਹਰਵਿੰਦਰ ਸਿੰਘ, ਗੁਰਪ੍ਰੀਤ ਸਿੰਘ ਸੋਢੀ, ਭਾਈ ਗੁਰਮੀਤ ਸਿੰਘ ਸੋਢੀ, ਭਾਈ ਬੱਗਾ ਸਿੰਘ ਬੱਲੜਵਾਲ. ਗੁਰਪ੍ਰੀਤ ਸਿੰਘ ਬਟਾਲਾ, ਮਲਕੀਤ ਸਿੰਘ ਪੰਨੂ, ਆਦਿ ਆਗੂ ਅਤੇ ਵੱਡੀ ਗਿਣਤੀ 'ਚ ਸੰਗਤਾਂ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਅੱਗਰਵਾਲ ਚੈਰੀਟੇਬਲ ਟਰੱਸਟ ਵੱਲੋਂ

# ਕੌਂਸਲਰ ਸੰਦੀਪ ਬਾਂਸਲ ਦਾ ਕੀਤਾ ਸਨਮਾਨ



**ਧੂਰੀ ( ਰਣਜੀਤ ਸਿੰਘ ਪੇਧਨੀ)-**ਸ਼ਹਿਰ ਦੇ ਵਾਰਡ ਨੰਬਰ 14 ਤੋਂ ਨਵੇਂ ਚੁਣੇ ਗਏ ਕੌਂਸਲਰ ਸੰਦੀਪ ਸੋਨੀ ਬਾਂਸਲ ਦਾ ਅੱਗਰਵਾਲ ਚੈਰੀਟੇਬਲ ਟਰੱਸਟ ਅਤੇ ਪ੍ਰਾਚੀਨ ਸ਼ਿਵ ਮੰਦਿਰ, ਕ੍ਰਾਂਤੀ ਚੌਂਕ ਧੂਰੀ ਵਿਖੇ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਮੌਕੇ ਮੰਦਿਰ ਦੇ ਪ੍ਰਧਾਨ ਐਡਵੋਕੇਟ ਰਾਜ ਕੁਮਾਰ ਸਿੰਗਲਾ ਅਤੇ ਚੇਅਰਮੈਨ ਡਾ. ਰਾਕੇਸ਼ ਸਿੰਗਲਾ ਦੀ ਅਗਵਾਈ ਹੇਠ ਸੰਦੀਪ ਸੋਨੀ ਬਾਂਸਲ ਨੂੰ ਸਨਮਾਨ ਚਿੰਨ੍ਹ ਭੇਟ ਕਰਕੇ ਵਧਾਈ ਦਿੱਤੀ ਗਈ। ਸੰਸਥਾ ਦੇ ਆਗੂਆਂ ਨੇ ਉਮੀਦ ਪ੍ਰਗਟਾਈ ਕਿ ਉਹ ਕੌਂਸਲਰ ਵਜੋਂ ਆਪਣੇ ਵਾਰਡ ਅਤੇ ਸ਼ਹਿਰ ਦੇ ਵਿਕਾਸ ਲਈ ਪੂਰੀ ਤਨਦੇਹੀ ਨਾਲ ਕੰਮ ਕਰਨਗੇ ਅਤੇ ਲੋਕਾਂ ਦੀਆਂ ਉਮੀਦਾਂ ਤੇ ਖਰਾ ਉਤਰਨਗੇ। ਸੰਦੀਪ ਸੋਨੀ ਬਾਂਸਲ ਨੇ ਸਨਮਾਨ ਲਈ ਅੱਗਰਵਾਲ ਚੈਰੀਟੇਬਲ ਟਰੱਸਟ ਅਤੇ ਮੰਦਿਰ ਪ੍ਰਬੰਧਕ ਕਮੇਟੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਲੋਕਾਂ ਵੱਲੋਂ ਦਿੱਤੇ ਗਏ ਭਰੋਸੇ ਨੂੰ ਕਾਇਮ ਰੱਖਣ ਲਈ ਹਮੇਸ਼ਾ ਯਤਨਸ਼ੀਲ ਰਹਿਣਗੇ ਅਤੇ ਵਾਰਡ ਦੇ ਵਿਕਾਸ ਕਾਰਜਾਂ ਨੂੰ ਪਹਿਲ ਦੇ ਆਧਾਰ ਤੇ ਅੱਗੇ ਵਧਾਉਣਗੇ। ਇਸ ਮੌਕੇ ਰੋਸ਼ਨ ਲਾਲ, ਮਨਜੀਤ ਸਿੰਘ ਬਖ਼ਸੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਪੱਤਰਕਾਰ ਰੋਸ਼ਨ ਲਾਲ ਸ਼ਰਮਾ ਨਮਿੱਤ ਅੰਤਿਮ ਅਰਦਾਸ ਤੇ ਪਾਠ ਦਾ ਭੋਗ 16 ਜੂਨ ਨੂੰ ਪਿੰਡ ਹਰਦਿਆਲਿਆਣਾ ਵਿਖੇ



**ਫ਼ਿਰੋਜ਼ਪੁਰ, 15 ਜੂਨ (ਮਨੋਹਰ ਲਾਲ) :—** ਇਲਾਕੇ ਦੇ ਜਾਣੇ—ਪਛਾਣੇ, ਮਿਹਨਤੀ ਅਤੇ ਇਮਾਨਦਾਰ ਪੱਤਰਕਾਰ ਰੋਸ਼ਨ ਲਾਲ ਸ਼ਰਮਾ ਆਪਣੀ ਜ਼ਿੰਦਗੀ ਦੀਆਂ ਲਗਭਗ 58 ਬਹਾਰਾਂ ਦੇਖ ਕੇ ਇਸ ਫਾਨੀ ਸੰਸਾਰ ਨੂੰ ਸਦਾ—ਸਦਾ ਲਈ ਅਲਵਿਦਾ ਕਹਿ ਗਏ ਹਨ। ਉਨ੍ਹਾਂ ਦੇ ਅਚਾਨਕ ਚਲੇ ਜਾਣ ਨਾਲ ਜਿੱਥੇ ਪਰਿਵਾਰ ਨੂੰ ਕਦੇ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ, ਉਥੇ ਹੀ ਸਮੁੱਚੇ ਇਲਾਕੇ, ਪੱਤਰਕਾਰ ਭਾਈਚਾਰੇ, ਦੋਸਤਾਂ ਮਿੱਤਰਾਂ ਅਤੇ ਸਾਕ ਸੰਬੰਧੀਆਂ ਵਿੱਚ ਗਹਿਰੇ ਦੁੱਖ ਅਤੇ ਸੋਗ ਦੀ ਲਹਿਰ ਦੌੜ ਗਈ ਹੈ। ਇੱਕ ਨਿਡਰ ਅਤੇ ਸੱਚੀ ਪੱਤਰਕਾਰੀ ਦੇ ਰੂਪ ਵਿੱਚ ਦਿੱਤੀਆਂ ਸੇਵਾਵਾਂ ਕਰਕੇ ਉਨ੍ਹਾਂ ਨੂੰ ਹਮੇਸ਼ਾ ਯਾਦ ਰੱਖਿਆ ਜਾਵੇਗਾ।ਸਵਰਗੀ ਰੋਸ਼ਨ ਲਾਲ ਸ਼ਰਮਾ ਆਪਣੇ ਪਿੱਛੇ ਰੋਂਦੇ ਕੁਰਲਾਉਂਦੇ ਪਰਿਵਾਰਿਕ ਮੈਂਬਰਾਂ ਨੂੰ ਵਾਹਿਗੁਰੂ ਦੇ ਆਸਰੇ ਛੱਡ ਗਏ ਹਨ। ਉਨ੍ਹਾਂ ਦੇ ਪਰਿਵਾਰ ਵਿੱਚ ਉਨ੍ਹਾਂ ਦੀ ਧਰਮ ਪਤਨੀ ਵੀਰ ਪਾਲ ਕੌਰ ਸ਼ਰਮਾ, ਸੱਤ ਸਾਲ ਦਾ ਮਾਸੂਮ ਪੁੱਤਰ ਗੁਰ ਅੰਸ ਅਤੇ ਚਾਰ ਧੀਆਂ ਸ਼ਾਮਿਲ ਹਨ। ਇਸ ਤੋਂ ਇਲਾਵਾ ਉਨ੍ਹਾਂ ਦੇ ਤਿੰਨ ਭਰਾ ਭੋਲਾ ਸਿੰਘ, ਸੁਖਮੰਦਰ ਸਿੰਘ ਅਤੇ ਸ਼ਿਵ ਕਰਨ ਸਿੰਘ ਸਮੇਤ ਪੰਜ ਭਤੀਜੇ ਅਤੇ ਛੇ ਭਤੀਜੀਆਂ ਦਾ ਵੱਡਾ ਪਰਿਵਾਰ ਇਸ ਦੁੱਖ ਦੀ ਘੜੀ ਵਿੱਚ ਡੂੰਘੇ ਸਦਮੇ ਵਿੱਚ ਹੈ।ਪਰਿਵਾਰਕ ਮੈਂਬਰਾਂ ਨੇ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਵਿਛੜੀ ਰੂਹ ਦੀ ਆਤਮਿਕ ਸ਼ਾਂਤੀ ਲਈ ਰੱਖੇ ਗਏ ਸਹਿਜ ਪਾਠ ਸਾਹਿਬ ਦੇ ਭੋਗ ਅਤੇ ਅੰਤਿਮ ਅਰਦਾਸ 16 ਜੂਨ (ਦਿਨ ਮੰਗਲਵਾਰ) ਨੂੰ ਪਿੰਡ ਹਰਦਿਆਲਿਆਣਾ ਦੇ ਮੁੱਖ ਗੁਰਦੁਆਰਾ ਸਾਹਿਬ ਵਿਖੇ ਪਾਏ ਜਾਣਗੇ। ਇਸ ਦੁੱਖ ਦੀ ਘੜੀ ਵਿੱਚ ਗਿਆਨੀ ਸੁਖਜਿੰਦਰ ਸਿੰਘ ਖਾਲਸਾ ਜੋ ਕਿ ਪੱਤਰਕਾਰ ਰੋਸ਼ਨ ਲਾਲ ਦੇ ਭਤੀਜੇ ਹਨ ਜਿਹੜੇ ਕਿ ਇੰਟਰਨੈਸ਼ਨਲ ਪੰਥਕ ਦਲ ਜਿਲਾ ਫਰੀਦਕੋਟ ਦੇ ਪ੍ਰਧਾਨ ਹਨ ਨਾਲ ਸਮੂਹ ਇੰਟਰਨੈਸ਼ਨਲ ਪੰਥਕ ਦਲ ਦੇ ਆਗੂਆਂ ਨੇ ਇਸ ਦੁੱਖ ਦੀ ਘੜੀ ਵਿੱਚ ਅਫਸੋਸ ਪ੍ਰਗਟ ਕੀਤਾ। ਵਾਹਿਗੁਰੂ ਦੇ ਚਰਨਾਂ ਵਿੱਚ ਅਰਦਾਸ ਬੇਨਤੀ ਕੀਤੀ ਕਿ ਹੇ ਵਾਹਿਗੁਰੂ ਪੱਤਰਕਾਰ ਰੋਸ਼ਨ ਲਾਲ ਸ਼ਰਮਾ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ਣ ਪਿੱਛੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ਣ।

ਆਵਾਜ਼ਿ ਕੌਮ AWAZE QAUM International Newspaper & WEB TV

# ਹਾੜ ਮਹੀਨੇ ਦੀ ਸੰਗਰਾਂਦ ਤੇ ਕਰਵਾਏ ਧਾਰਮਿਕ ਸਮਾਗਮ

ਫ਼ਿਰੋਜ਼ਪੁਰ, 15 ਜੂਨ (ਮਨੋਹਰ ਲਾਲ) :— ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਵਿਖੇ ਹਾੜ ਮਹੀਨੇ ਦੀ ਸੰਗਰਾਂਦ ਦਾ ਦਿਹਾੜਾ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਇਸ ਮੌਕੇ ਤੇ ਸਭ ਤੋਂ ਪਹਿਲਾਂ ਰੱਖੇ ਗਏ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ, ਭੋਗ ਉਪਰੰਤ ਕੀਰਤਨ ਦਰਬਾਰ ਸਜਾਏ ਗਏ। ਇਨ੍ਹਾਂ ਧਾਰਮਿਕ ਸਮਾਗਮਾਂ ਦੌਰਾਨ ਭਾਈ ਗੁਰਮੇਲ ਸਿੰਘ ਅਰਜਨ, ਭਾਈ ਹਰਨਾਮ ਸਿੰਘ, ਭਾਈ ਗੁਰਬਖਸ਼ ਸਿੰਘ ਚੰਨਾ, ਭਾਈ ਸੁਖਦੇਵ ਸਿੰਘ ਸੁੱਖਾ, ਭਾਈ ਰਮਨਦੀਪ ਸਿੰਘ, ਭਾਈ ਬਲਜੀਤ ਸਿੰਘ ਬੱਬੂ ਨੇ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਸ਼ਹੀਦਾਂ ਦੇ ਸਿਰਤਾਜ ਪੰਚਮ ਪਾਤਸ਼ਾਹ ਮਹਾਰਾਜ ਜੀ ਦੇ ਜੀਵਨ ਬਾਰੇ ਵਿਸਥਾਰਪੂਰਵਕ ਜਾਣਕਾਰੀ ਸਾਂਝੀ ਕੀਤੀ। ਇਸ ਮੌਕੇ ਤੇ ਗੁਰਦੁਆਰਾ ਠਾਠ ਠਾਠ ਨਾਨਕਸਰ ਛਾਂਗਾ ਖੁਰਦ ਦੇ ਮੁੱਖ ਸੇਵਾਦਾਰ ਸ੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਨੇ ਕਥਾ ਕਰਦਿਆਂ ਆਖਿਆ ਕਿ ਇਤਿਹਾਸ ਗਵਾਹ ਹੈ ਕਿ ਸ਼ਹੀਦਾਂ ਦੇ ਸਰਤਾਜ ਪੰਚਮ ਪਾਤਸ਼ਾਹ ਮਹਾਰਾਜ ਜੀ ਦਾ ਸ਼ਹੀਦੀ ਗੁਰਪੁਰਬ ਜੋ ਕਿ 18 ਜੂਨ ਨੂੰ ਆ ਰਿਹਾ ਹੈ ਇੱਥੇ ਪਹਿਲੀ ਜੂਨ ਤੋਂ ਹਰ ਰੋਜ਼ ਸੰਗਤਾਂ ਵੱਲੋਂ ਸੁਖਮਨੀ ਸਾਹਿਬ ਜੀ ਦੇ ਪਾਠ ਕੀਤੇ ਜਾਂਦੇ ਹਨ ਅਤੇ ਨਾਲ ਹੀ ਸਹਿਜ ਪਾਠ ਸਾਹਿਬ ਜੀ ਵੀ ਆਰੰਭ ਹੈ, ਜਿਨਾਂ ਦੇ ਪਾਠ ਦੇ ਭੋਗ 18 ਜੂਨ ਨੂੰ ਸਵੇਰੇ 8:30 ਵਜੇ ਪਾਏ ਜਾਣਗੇ। ਸ੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਨੇ ਅੱਗੇ ਕਿਹਾ ਕਿ ਸਾਨੂੰ ਵੱਧ ਤੋਂ ਵੱਧ ਗੁਰਬਾਣੀ ਦਾ ਪਾਠ ਕਰਨਾ ਚਾਹੀਦਾ ਹੈ ਅਤੇ ਹਰ ਰੋਜ਼ ਪੰਜ ਬਾਣੀਆਂ ਦਾ ਪਾਠ ਕਰਨਾ ਚਾਹੀਦਾ ਹੈ। ਅਸੀਂ ਇੱਥੇ ਸੰਸਾਰ ਵਿੱਚ ਆਏ ਹਾਂ ਪਰਮੇਸ਼ਰ ਨੇ ਸਾਡੇ ਵਿੱਚ ਸਵਾਸ ਬਖਸ਼ੇ ਹਨ ਅਤੇ ਜਦੋਂ ਪਰਮੇਸ਼ਵਰ ਦਾ ਬੁਲਾਵਾ ਆ ਜਾਂਦਾ ਹੈ ਸਾਨੂੰ ਜਾਣਾ ਪੈਂਦਾ ਹੈ ਬਾਣੀ ਪੜ੍ਹਨ ਨਾਲ ਬਾਣੀ ਸੁਣਨ ਨਾਲ ਸਾਨੂੰ ਸੁੱਖਾਂ ਦੀ ਪ੍ਰਾਪਤੀ ਹੁੰਦੀ ਹੈ, ਪਰ ਸਤਿਗੁਰੂ ਤੇ ਭਰੋਸਾ ਕਰਨਾ ਚਾਹੀਦਾ ਹੈ। ਇਸ ਮੌਕੇ ਤੇ ਬਾਬਾ ਜੀ ਦੇ ਸੇਵਾਦਾਰ ਭਾਈ ਲੱਖਾ ਸਿੰਘ ਭਾਈ ਜਸਵੀਰ ਸਿੰਘ ਜੱਸੂ ਨੇ ਸੰਗਤਾਂ ਦੀ ਹਾਥੀ ਸੇਵਾ ਕੀਤੀ। ਇਸ ਮੌਕੇ ਤੇ ਗੁਰੂ ਕਾ ਲੰਗਰ ਅਤੇ ਠੰਡੇ ਮਿੱਠੇ ਜਲ ਦੀ ਛਬੀਲ ਲਗਾਈ ਗਈ।

ਆਵਾਜ਼ਿ ਕੌਮ AWAZE QAUM International Newspaper & WEB TV

# ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਪੰਜ ਸਿੰਘ ਸਾਹਿਬਾਨਾਂ ਵੱਲੋਂ 'ਗੁਰੂ ਦੋਖੀ' ਤੇ 'ਖਾਲਸਾ ਪੰਥ ਵਿਰੋਧੀ' ਐਲਾਨਿਆ



ਨਵੀਂ ਦਿੱਲੀ, 15 ਜੂਨ (ਮਨਪ੍ਰੀਤ ਸਿੰਘ ਖਾਲਸਾ):- ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪੰਜ ਸਿੰਘ ਸਾਹਿਬਾਨਾਂ ਦੀ ਹੋਈ ਇਕੱਤਰਤਾ ਵਿੱਚ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ 'ਗੁਰੂ ਦੋਖੀ' ਅਤੇ 'ਖਾਲਸਾ ਪੰਥ ਵਿਰੋਧੀ' ਐਲਾਨ ਕਰਦਿਆਂ ਗੁਰੂ ਖਾਲਸਾ ਪੰਥ ਨੂੰ ਉਨ੍ਹਾਂ ਨਾਲ ਸਾਂਝ ਨਾ ਰੱਖਣ ਦੀ ਹਦਾਇਤ ਕੀਤੀ ਗਈ। ਇਕੱਤਰਤਾ ਦੌਰਾਨ 'ਜਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਐਕਟ-2026' ਸਬੰਧੀ ਵਿਚਾਰ ਕਰਦਿਆਂ ਕਿਹਾ ਗਿਆ ਕਿ ਸਿੱਖ ਭਾਵਨਾਵਾਂ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਭੇਜੇ ਗਏ ਇਤਰਾਜ਼ਾਂ ਦੇ ਬਾਵਜੂਦ ਪੰਜਾਬ ਸਰਕਾਰ ਨੇ ਹਠਧਰਮੀ ਅਤੇ ਅੜੀਅਲ ਰਵੱਈਆ ਅਪਣਾਉਂਦਿਆਂ ਕਾਨੂੰਨ ਪਾਸ ਕੀਤਾ। ਸਿੰਘ ਸਾਹਿਬਾਨਾਂ ਨੇ ਕਿਹਾ ਕਿ ਮੁੱਖ ਮੰਤਰੀ ਵੱਲੋਂ ਜਨਤਕ ਬਿਆਨਾਂ ਰਾਹੀਂ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਵਉੱਚਤਾ ਨੂੰ ਚੁਣੌਤੀ ਦਿੱਤੀ ਗਈ, ਜਿਸ ਨਾਲ ਸਿੱਖ ਸੰਗਤਾਂ ਵਿੱਚ ਰੋਸ ਪੈਦਾ ਹੋਇਆ। ਇਸ ਮਾਮਲੇ ਵਿੱਚ ਮੁੱਖ ਮੰਤਰੀ ਭਗਵੰਤ ਮਾਨ, ਪੰਜਾਬ ਮੰਤਰੀ ਮੰਡਲ ਦੇ ਸਿੱਖ ਮੰਤਰੀਆਂ ਅਤੇ ਵੱਖ-ਵੱਖ ਸਿਆਸੀ ਪਾਰਟੀਆਂ ਦੇ ਸਿੱਖ ਵਿਧਾਇਕਾਂ ਨੂੰ 29 ਜੂਨ 2026 ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਕੱਤਰੇਤ ਵਿੱਚ ਤਲਬ ਕਰਨ ਦਾ ਫ਼ੈਸਲਾ ਕੀਤਾ ਗਿਆ ਹੈ, ਜਦਕਿ ਗੈਰ-ਸਿੱਖ ਮੰਤਰੀਆਂ ਤੋਂ ਲਿਖਤੀ ਸਪੱਸ਼ਟੀਕਰਨ ਮੰਗਿਆ ਜਾਵੇਗਾ। ਇਸ ਤੋਂ ਇਲਾਵਾ, ਮੁੱਖ ਮੰਤਰੀ ਭਗਵੰਤ ਮਾਨ ਖ਼ਿਲਾਫ਼ ਦਾਖ਼ਲ ਸ਼ਿਕਾਇਤ ਨਾਲ ਜੁੜੀ ਇੱਕ ਵੀਡੀਓ ਸਬੰਧੀ ਪ੍ਰਾਪਤ ਦੋ ਫੋਰੈਂਸਿਕ ਜਾਂਚ ਰਿਪੋਰਟਾਂ ਦਾ ਹਵਾਲਾ ਦਿੰਦਿਆਂ ਸਿੰਘ ਸਾਹਿਬਾਨਾਂ ਨੇ ਕਿਹਾ ਕਿ ਵੀਡੀਓ ਵਿੱਚ ਕਿਸੇ ਤਰ੍ਹਾਂ ਦੀ ਏਆਈ ਜਾਂ ਹੋਰ ਛੇੜਛਾੜ ਦੇ ਸਬੂਤ ਨਹੀਂ ਮਿਲੇ। ਇਸ ਮਾਮਲੇ 'ਤੇ ਪੰਥਕ ਜਥੇਬੰਦੀਆਂ, ਸੰਪਰਦਾਵਾਂ, ਦਲ ਪੰਥਾਂ, ਵਿਦਵਾਨਾਂ ਅਤੇ ਕਾਨੂੰਨੀ ਮਾਹਿਰਾਂ ਨਾਲ ਹੋਈ ਸਾਂਝੀ ਬੈਠਕ ਵਿੱਚ ਪ੍ਰਗਟ ਕੀਤੀਆਂ ਭਾਵਨਾਵਾਂ ਦੇ ਮੱਦੇਨਜ਼ਰ ਪੰਜ ਸਿੰਘ ਸਾਹਿਬਾਨਾਂ ਨੇ ਭਗਵੰਤ ਮਾਨ ਨੂੰ 'ਗੁਰੂ ਦੋਖੀ' ਅਤੇ 'ਖਾਲਸਾ ਪੰਥ ਵਿਰੋਧੀ' ਐਲਾਨ ਕਰਨ ਦਾ ਫ਼ੈਸਲਾ ਲਿਆ।

ਆਵਾਜ਼ਿ ਕੌਮ AWAZE QAUM International Newspaper & WEB TV





★ ਜਾਰੀ ਕਰਤਾ ★

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

+447458381111 +447976210161 +919729091243